

# ਇੱਕ ਅਨੋਖਾ ਜੀਵਨ-ਚਰਿੱਤਰ

ਮੁਫ਼ਤ—ਵੇਚੀ ਨਹੀਂ ਜਾਣੀ ਚਾਹੀਦੀ

ਯਿਸੂ ਮਸੀਹ ਸਿਰਫ਼ ਇੱਕ ਪਰਮੁੱਖ ਵਿਅਕਤੀ ਹੀ ਨਹੀਂ ਜੋ ਬਹੁਤ ਸਾਲ ਪਹਿਲਾਂ ਜੀਉਂਦੇ ਰਹੇ ਅਤੇ ਮਰ ਗਏ। ਵਚਨ ਦੇ ਅਨੁਸਾਰ, ਉਹ ਸਰਿਸ਼ਟ ਕਰਨ ਵਾਲਾ ਪਰਮੇਸ਼ੁਰ ਹੈ, ਉਹ ਸੰਸਾਰ ਵਿੱਚ ਇੱਕ ਵਿਅਕਤੀ ਦੇ ਰੂਪ ਵਿੱਚ ਰਿਹਾ ਤਾਂ ਜੋ ਉਹ ਆਪਣੇ ਜੀਵਨ ਦੇ ਖ਼ੂਨ ਨੂੰ ਦੇ ਕੇ ਪਾਪੀ ਮਨੁੱਖਜਾਤੀ ਨੂੰ ਪਾਪ, ਸ਼ੈਤਾਨ ਅਤੇ ਮੌਤ ਤੋਂ ਛੁਡਾਵੇ। ਉਹ ਅੱਜ ਇਕੱਲਾ ਹੀ ਹੈ ਜੋ ਉਸ ਕੋਲ ਆਉਂਦੇ ਹਨ ਸਦੀਪਕ ਜੀਵਨ ਦਿੰਦਾ ਹੈ।

ਯਿਸੂ ਮਸੀਹ ਨੂੰ ਸਵੀਕਾਰ ਕਰਨਾ ਜਾਂ ਰੱਦ ਕਰਨਾ ਮੌਤ ਜਾਂ ਜੀਵਨ ਦਾ ਵਿਸ਼ੇ ਹੈ। "ਜਿਹ ਦੇ ਲੋਕ ਪੁੱਤ੍ਰ ਹੈ ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤ੍ਰ ਨਹੀਂ ਹੈ ਉਹ ਦੇ ਕੋਲ ਜੀਵਨ ਵੀ ਨਹੀਂ" (ਯੂਹੰਨਾ 5:12)। "ਅਰ ਮਨੁੱਖਾਂ ਵਿੱਚ ਕੋਈ ਦੂਜਾ ਨਾਮ ਨਹੀਂ ਦਿੱਤਾ ਗਿਆ ਜਿਸ ਤੋਂ ਅਸੀਂ ਬਚਾਏ ਜਾਣਾ ਹੈ" (ਰਸੂਲਾਂ ਦੇ ਕਰਤੱਬ 4:12)।

ਜਦ ਤੁਸੀਂ ਯਿਸੂ ਮਸੀਹ ਦੇ ਅਸਚਰਜ ਜੀਵਨ ਦਾ ਅਧਿਐਨ ਕਰਦੇ ਹੋ ਤਾਂ ਪਰਮੇਸ਼ੁਰ ਤੁਹਾਡੇ ਲਈ ਵਾਸਤਵਿਕ ਹੋ ਸਕਦਾ ਹੈ। "ਅਤੇ ਸਦੀਪਕ ਜੀਉਣ ਇਹ ਹੈ ਕਿ ਓਹ ਤੈਨੂੰ ਜੋ ਸੱਚਾ ਵਾਹਿਦ ਪਰਮੇਸ਼ੁਰ ਹੈ ਅਤੇ ਯਿਸੂ ਮਸੀਹ ਨੂੰ ਜਿਹ ਨੂੰ ਤੈਂ ਘੱਲਿਆ ਜਾਣਨ" (ਯੂਹੰਨਾ 17:3) ਕਿ ਤੁਸੀਂ ਯਿਸੂ ਮਸੀਹ ਨੂੰ ਆਪਣੇ ਜੀਵਨ ਵਿੱਚ ਯਿਸੂ ਮਸੀਹ ਨੂੰ ਵਿਅਕਤੀ ਰੂਪ ਵਿੱਚ ਮੁਕਤੀਦਾਤਾ ਅਤੇ ਪ੍ਰਭੂ ਦੇ ਰੂਪ ਸਵੀਕਾਰ ਕੀਤਾ ਹੈ? ਜੇ ਨਹੀਂ, ਤਾਂ ਅੱਜ ਹੀ ਕਰੋ।

---

All scriptures are taken from the Punjabi Bible with permission from the Bible Society of India.

# ਯਿਸੂ ਦੀ ਜਨਮ ਤੋਂ ਪਹਿਲਾਂ ਹੋਂਦ



ਆਦ ਵਿੱਚ ਸ਼ਬਦ ਸੀ ਅਰ ਸ਼ਬਦ ਪਰਮੇਸ਼ੁਰ ਦੇ ਸੰਗ ਸੀ ਅਤੇ ਸ਼ਬਦ ਪਰਮੇਸ਼ੁਰ ਸੀ। ਇਹੋ ਆਦ ਵਿੱਚ ਪਰਮੇਸ਼ੁਰ ਦੇ ਸੰਗ ਸੀ। ਸੱਭੋ ਕੁਝ ਉਸ ਤੋਂ ਰਚਿਆ ਗਿਆ ਅਤੇ ਰਚਨਾ ਵਿੱਚੋਂ ਇੱਕ ਵਸਤੂ ਭੀ ਉਸ ਤੋਂ ਬਿਨਾਂ ਨਹੀਂ ਰਚੀ ਗਈ। ਅਤੇ ਸ਼ਬਦ ਦੇਹ ਧਾਰੀ ਹੋਇਆ ਅਤੇ ਕਿਰਪਾ ਅਤੇ ਸਚਿਆਈ ਨਾਲ ਭਰਪੂਰ ਹੋ ਕੇ ਸਾਡੇ ਵਿੱਚ ਵਾਸ ਕੀਤਾ ਅਤੇ ਅਸਾਂ ਉਸ ਦਾ ਤੇਜ ਪਿਤਾ ਦੇ ਇਕਲੌਤੇ ਦੇ ਤੇਜ ਵਰਗਾ ਡਿੱਠਾ।

– ਯੂਹੰਨਾ 1:1–3, 14ੳ

ਸ਼ੱਭੋ ਕੁਝ ਉਸੇ ਦੇ ਰਾਹੀਂ ਅਤੇ ਉਸ ਦੇ ਲਈ ਉਤਪਤ ਹੋਇਆ ਹੈ... ਅਤੇ ਉਹ ਸਭ ਤੋਂ ਪਹਿਲਾਂ ਹੈ ਅਰ ਸੱਭੋ ਕੁਝ ਉਸੇ ਵਿੱਚ ਕਾਇਮ ਰਹਿੰਦਾ ਹੈ ...

– ਕੁਲੁੱਸੀਆਂ 1:16–17

ਪਰਮੇਸ਼ੁਰ ਨੇ ਜਿਨ ਪਿੱਛਲਿਆਂ ਸਮਿਆਂ ਵਿੱਚ ਨਬੀਆਂ ਦੇ ਰਾਹੀਂ ਸਾਡੇ ਵੱਡਿਆਂ ਨਾਲ ਕਈਆਂ ਹਿੱਸਿਆਂ ਵਿੱਚ ਅਤੇ ਕਈ ਤਰ੍ਹਾਂ ਨਾਲ ਗੱਲ ਕੀਤੀ ਸੀ, ਇਨ੍ਹਾਂ ਦਿਨਾਂ ਦੇ ਅੰਤ ਵਿੱਚ ਸਾਡੇ ਨਾਲ ਪੁੱਤਰ ਦੇ ਰਾਹੀਂ ਗੱਲ ਕੀਤੀ ਜਿਹ ਨੂੰ ਉਹ ਨੇ ਸਭਨਾਂ ਵਸਤਾਂ ਦਾ ਵਾਰਸ ਬਣਾਇਆ ਅਤੇ ਓਸੇ ਦੇ ਵਸੀਲੇ ਉਹ ਨੇ ਜਹਾਨ ਵੀ ਰਚੇ।

– ਇਬਰਾਨੀਆਂ 1:1–2

ਪਰ ਪੁੱਤ੍ਰ ਦੇ ਵਿਖੇ : "ਤੇਰਾ ਸਿੰਘਾਸਣ ਜੁੱਗੋ ਜੁੱਗ ਪਰਮੇਸ਼ੁਰ ਹੈ।" ਤੈਂ: "ਧਰਮ ਨਾਲ ਪ੍ਰੇਮ ਅਤੇ ਕੁਧਰਮ ਨਾਲ ਵੈਰ ਰੱਖਿਆ, ਇਸ ਲਈ ਪਰਮੇਸ਼ੁਰ, ਤੇਰੇ ਪਰਮੇਸ਼ੁਰ ਨੇ ਖੁਸ਼ੀ ਦੇ ਤੇਲ ਨਾਲ ਤੇਰੇ ਸਾਥੀਆਂ ਤੋਂ ਵੱਧ ਤੈਨੂੰ ਮਸਹ ਕੀਤਾ ਹੈ।"

– ਇਬਰਾਨੀਆਂ 1:8ੳ, 9

# ਨਬੀ ਪਹਿਲਾਂ ਤੋਂ ਯਿਸੂ ਦੇ ਜੀਵਨ ਬਾਰੇ ਦੱਸਦੇ ਹਨ

"ਏਸ ਲਈ ਪ੍ਰਭੂ ਆਪ ਤੁਹਾਨੂੰ ਇੱਕ ਨਿਸ਼ਾਨ ਦੇਵੇਗਾ। ਵੇਖੋ, ਇੱਕ ਕੁਆਰੀ ਗਰਭਵੰਤੀ ਹੋਵੇਗੀ ਅਤੇ ਪੁੱਤ੍ਰ ਜਣੇਗੀ ਅਤੇ ਉਹ ਉਸ ਦਾ ਨਾਮ ਇੰਮਾਨੂਏਲ ਰੱਖੇਗੀ।"

– ਯਸਾਯਾਹ 7:14

"ਪਰ ਹੇ ਬੈਤਲਹਮ ਅਫ਼ਰਾਥਾਹ, ਤੂੰ ਜੋ ਯਹੂਦਾਹ ਦੇ ਹਜ਼ਾਰਾਂ ਵਿੱਚ ਛੋਟਾ।' ਹੈਂ, ਤੈਥੋਂ ਇੱਕ ਮੇਰੇ ਲਈ ਨਿੱਕਲੇਗਾ ਜੋ ਇਸਰਾਏਲ ਵਿੱਚ ਹਾਕਮ ਹੋਵੇਗਾ, ਜਿਸ ਦਾ ਨਿੱਕਲਣਾ ਪਰਾਚੀਨ ਸਮੇਂ ਤੋਂ, ਸਗੋਂ ਅਨਾਦ ਤੋਂ ਹੈ।" – ਮੀਕਾਹ 5:2

ਸਾਡੇ ਲਈ ਤਾਂ ਇੱਕ ਬਾਲਕ ਜੰਮਿਆ, ਅਤੇ ਸਾਨੂੰ ਇੱਕ ਪੁੱਤ੍ਰ ਬਖ਼ਸ਼ਿਆ ਗਿਆ, ਰਾਜ ਉਹ ਦੇ ਮੋਢੇ ਉੱਤੇ ਹੋਵੇਗਾ, ਅਤੇ ਉਹ ਦਾ ਨਾਮ ਇਉਂ ਸੱਦਿਆ ਜਾਵੇਗਾ, "ਅਚਰਜ ਸਲਾਹੂ, ਸ਼ਕਤੀ-ਮਾਨ ਪਰਮੇਸ਼ੁਰ, ਅਨਾਦੀ ਪਿਤਾ, ਸ਼ਾਂਤੀ ਦਾ ਰਾਜ ਕੁਮਾਰ"। ਉਹ ਦੇ ਰਾਜ ਦੀ ਤਰੱਕੀ, ਅਤੇ ਸਲਾਮਤੀ ਦੀ ਕੋਈ ਹੱਦ ਨਾ ਹੋਵੇਗੀ।

– ਯਸਾਯਾਹ 9:6-7ੳ

ਉਹ ਤੁੱਛ ਅਤੇ ਮਨੁੱਖਾਂ ਵੱਲੋਂ ਤਿਆਗਿਆ ਹੋਇਆ ਸੀ, ਇੱਕ ਦੁਖੀਆ ਮਨੁੱਖ, ਸੋਗ ਦਾ ਜਾਣੂ, ਸੱਚ ਮੁੱਚ ਉਸ ਨੇ ਸਾਡੇ ਗ਼ਮ ਚੁੱਕ ਲਏ ਅਤੇ ਸਾਡੇ ਦੁਖ ਉਠਾਏ, ਪਰ ਅਸਾਂ ਉਸ ਨੂੰ ਮਾਰਿਆ ਹੋਇਆ, ਪਰਮੇਸ਼ੁਰ ਦਾ ਕੁੱਟਿਆ ਹੋਇਆ ਅਤੇ ਭੰਨਿਆ ਹੋਇਆ ਸਮਝਿਆ। ਪਰ ਉਹ ਸਾਡੇ ਅਪਰਾਧਾਂ ਲਈ ਘਾਇਲ ਕੀਤਾ ਗਿਆ, ਸਾਡੀਆਂ ਬਦੀਆਂ ਦੇ ਕਾਰਨ ਕੁਚਲਿਆ ਗਿਆ । – ਯਸਾਯਾਹ 53:3ੳ, 4-5 ੳ

ਮਸੀਹ ਯਿਸੂ, ਕਿ ਉਸ ਨੇ ਪਰਮੇਸ਼ੁਰ ਦੇ ਸਰੂਪ ਵਿੱਚ ਹੋ ਕੇ ਪਰਮੇਸ਼ੁਰ ਦੇ ਤੁੱਲ ਹੋਣਾ ਕਬਜ਼ੇ ਰੱਖਣ ਦੀ ਚੀਜ਼ ਨਾ ਜਾਣਿਆ ਸਗੋਂ ਉਸਨੇ ਆਪਣੇ ਆਪ ਨੂੰ ਸੱਖਣਾ ਕਰ ਕੇ ਦਾਸ ਦਾ ਰੂਪ ਧਾਰਿਆ ਅਤੇ ਮਨੁੱਖਾਂ ਦੀ ਸੂਰਤ ਵਿੱਚ ਜੰਮਿਆ ਅਤੇ ਮਨੁੱਖ ਦੀ ਸ਼ਕਲ ਵਿੱਚ ਪਰਗਟ ਹੋ ਕੇ ਆਪਣੇ ਆਪ ਨੂੰ ਨੀਵਿਆਂ ਕੀਤਾ ਅਤੇ ਮੌਤ ਤਾਈਂ ਸਗੋਂ ਸਲੀਬ ਦੀ ਮੌਤ ਤਾਈਂ ਆਗਿਆਕਾਰ ਬਣਿਆ।

– ਫ਼ਿਲਿੱਪੀਆਂ 2:5ਅ–8

ਯਿਸੂ ਨੇ ਉਨ੍ਹਾਂ ਨੂੰ ਆਖਿਆ, "...ਮੈਂ ਪਰਮੇਸ਼ੁਰ ਤੋਂ ਨਿੱਕਲਿਆ ਅਤੇ ਆਇਆ ਹਾਂ।

– ਯੂਹੰਨਾ 8:42

ਪਹਿਲਾਂ ਮਨੁੱਖ (ਆਦਮ) ਮਿੱਟੀ ਦਾ ਬਣਿਆ। ਦੂਜਾ ਮਨੁੱਖ (ਯਿਸੂ) ਸੁਰਗੋਂ ਹੈ।

– 1 ਕੁਰਿੰਥੀਆਂ 15:47

ਇਸ ਲਈ ਉਹ ਸੰਸਾਰ ਵਿੱਚ ਆਉਂਦਾ ਹੋਇਆ ਆਖਦਾ ਹੈ: "ਬਲੀਦਾਨ ਅਰ ਭੇਟ ਤੂੰ ਨਹੀਂ ਚਾਹਿਆ, ਪਰ ਮੇਰੇ ਲਈ ਦੇਹੀ ਤਿਆਰ ਕੀਤੀ:"

– ਇਬਰਾਨੀਆਂ 10:5

ਸੋ ਜਦ ਬਾਲਕ ਲਹੂ ਅਤੇ ਮਾਸ ਵਿੱਚ ਸਾਂਝੀ ਹੁੰਦੇ ਹਨ ਤਾਂ ਉਨ੍ਹਾਂ ਵਾਂਙੁ ਉਹ ਆਪ ਵੀ ਇਨ੍ਹਾਂ ਹੀ ਵਿੱਚ ਭਿਆਲ ਬਣਿਆ ਤਾਂ ਜੋ ਮੌਤ ਦੇ ਰਾਹੀਂ ਉਹ ਉਸ ਨੂੰ ਜਿਹ ਦੇ ਵੱਸ ਵਿੱਚ ਮੌਤ ਹੈ ਅਰਥਾਤ ਸ਼ਤਾਨ ਨੂੰ ਨਾਸ ਕਰੇ ਅਤੇ ਉਨ੍ਹਾਂ ਨੂੰ ਜਿਹੜੇ ਮੌਤ ਦੇ ਡਰ ਤੋਂ ਸਾਰੀ ਉਮਰ ਗੁਲਾਮੀ ਵਿੱਚ ਫਸੇ ਹੋਏ ਸਨ ਛੁਡਾਵੇ।

–ਇਬਰਾਨੀਆਂ 2:14–15

# ਯਿਸੂ ਦਾ ਧਰਤੀ ਉੱਪਰ ਆਉਣ ਦਾ ਮਕਸਦ

"ਕਿਉਂਕਿ ਮਨੁੱਖ ਦਾ ਪੁੱਤਰ ਵੀ ਆਪਣੇ ਟਹਿਲ ਕਰਾਉਣ ਨਹੀਂ ਸਗੋਂ ਟਹਿਲ ਕਰਨ ਅਤੇ ਬਹੁਤਿਆਂ ਦੇ ਲਈ ਨਿਸਤਾਰੇ ਦਾ ਮੁੱਲ ਭਰਨ ਨੂੰ ਆਪਣੀ ਜਾਨ ਦੇਣ ਆਇਆ।"

– ਮਰਕੁਸ 10:45

"ਕਿਉਂ ਜੋ ਮਨੁੱਖ ਦਾ ਪੁੱਤਰ ਗੁਆਚੇ ਹੋਏ ਨੂੰ ਭਾਲਣ ਅਤੇ ਬਚਾਉਣ ਲਈ ਆਇਆ ਹੈ।"

– ਲੂਕਾ 19:10

"ਪਰਮੇਸ਼ੁਰ ਨੇ ਪੁੱਤਰ ਨੂੰ ਜਗਤ ਵਿੱਚ ਇਸ ਲਈ ਨਹੀਂ ਘੱਲਿਆ ਜੋ ਉਹ ਜਗਤ ਨੂੰ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਜਗਤ ਉਹ ਦੇ ਰਾਹੀਂ ਬਚਾਇਆ ਜਾਵੇ।" – ਯੂਹੰਨਾ 3:17

ਯਿਸੂ ਨੇ ਉੱਤਰ ਦਿੱਤਾ, "...ਸਤ ਬਚਨ, ਮੈਂ ਪਾਤਸ਼ਾਹ ਹੀ ਹਾਂ। ਮੈਂ ਇਸੇ ਲਈ ਜਨਮ ਧਾਰਿਆ ਅਤੇ ਇਸੇ ਲਈ ਜਗਤ ਵਿੱਚ ਆਇਆ ਹਾਂ ਭਈ ਸਚਿਆਈ ਉੱਤੇ ਸਾਖੀ ਦਿਆਂ। ਹਰੇਕ ਜੋ ਸਚਿਆਈ ਦਾ ਹੈ ਮੇਰਾ ਬਚਨ ਸੁਣਦਾ ਹੈ।" – ਯੂਹੰਨਾ 18:37 ਅ

ਮਸੀਹ ਯਿਸੂ ਪਾਪੀਆਂ ਨੂੰ ਬਚਾਉਣ ਲਈ ਜਗਤ ਵਿੱਚ ਆਇਆ ਜਿਨ੍ਹਾਂ ਵਿੱਚੋਂ ਮਹਾਂ ਪਾਪੀ ਮੈਂ ਹਾਂ... – 1 ਤਿਮੋਥਿਉਸ 1:15 ਅ

ਪਰ ਜਾਂ ਸਮਾਂ ਪੂਰਾ ਹੋਇਆ ਤਾਂ ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਘੱਲਿਆ ਜਿਹੜਾ ਤੀਵੀਂ ਤੋਂ ਜੰਮਿਆ ਅਤੇ ਸ਼ਰਾ ਦੇ ਮਤਹਿਤ ਜੰਮਿਆ। ਇਸ ਲਈ ਜੋ ਮੁੱਲ ਦੇ ਕੇ ਓਹਨਾਂ ਨੂੰ ਜਿਹੜੇ ਸ਼ਰਾ ਦੇ ਮਤਹਿਤ ਹਨ ਛੁਡਾਵੇ ਭਈ ਲੇਪਾਲਕ ਪੁੱਤਰ ਹੋਣ ਦੀ ਪਦਵੀ ਸਾਨੂੰ ਪਰਾਪਤ ਹੋਵੇ।

– ਗਲਾਤੀਆਂ 4:4-5

ਛੇਵੇਂ ਮਹੀਨੇ ਜਿਬਰਾਏਲ ਦੂਤ ਪਰਮੇਸ਼ੁਰ ਦੀ ਵੱਲੋਂ ਨਾਸਰਸ ਨਾਮੇ ਗਲੀਲ ਦੇ ਇੱਕ ਨਗਰ ਵਿੱਚ ਇੱਕ ਕੁਆਰੀ ਦੇ ਕੋਲ ਭੇਜਿਆ ਗਿਆ ਜਿਹ ਦੀ ਕੁੜਮਾਈ ਯੂਸੁਫ਼ ਕਰਕੇ ਦਾਊਦ ਦੇ ਘਰਾਣੇ ਦੇ ਇੱਕ ਪੁਰਸ਼ ਨਾਲ ਹੋਈ ਸੀ ਅਰ ਉਸ ਕੁਆਰੀ ਦਾ ਨਾਉਂ ਸੀ ਮਰਿਯਮ... ਦੂਤ ਨੇ ਉਹ ਨੂੰ ਆਖਿਆ, "ਹੇ ਮਰਿਯਮ ਨਾ ਡਰ ਕਿਉਂ ਜੋ ਤੇਰੇ ਉੱਤੇ ਪਰਮੇਸ਼ੁਰ ਦੀ ਕਿਰਪਾ ਹੋਈ ਅਤੇ ਵੇਖ ਤੂੰ ਗਰਭਵੰਤੀ ਹੋਵੇਂਗੀ ਅਰ ਪੁੱਤਰ ਜਣੇਂਗੀ ਅਤੇ ਉਹ ਦਾ ਨਾਮ ਯਿਸੂ ਰੱਖਣਾ ਉਹ ਮਹਾਨ ਹੋਵੇਗਾ, ਅਤੇ ਅੱਤ ਮਹਾਨ ਦਾ ਪੁੱਤਰ ਸਦਾਵੇਗਾ... ਕਿਉਂਕਿ ਕੋਈ ਬਚਨ ਪਰਮੇਸ਼ੁਰ ਦੀ ਵੱਲੋਂ ਸ਼ਕਤੀਹੀਣ ਨਾ ਹੋਵੇਗਾ।" – ਲੂਕਾ 1:26-27, 30-37

"ਹੇ ਯੂਸੁਫ਼ ਦਾਊਦ ਦੇ ਪੁੱਤ੍ਰ ਤੂੰ ਆਪਣੀ ਪਤਨੀ ਮਰਿਯਮ ਨੂੰ ਆਪਣੇ ਘਰ ਲਿਆਉਣ ਤੋਂ ਨਾ ਡਰ ਕਿਉਂਕਿ ਜਿਹੜਾ ਉਹ ਦੀ ਕੁੱਖ ਵਿੱਚ ਆਇਆ ਹੈ ਉਹ ਪਵਿੱਤ੍ਰ ਆਤਮਾ ਤੋਂ ਹੈ, ਅਤੇ ਉਹ ਪੁੱਤ੍ਰ ਜਣੇਗੀ ਅਤੇ ਤੂੰ ਉਹ ਦਾ ਨਾਮ ਯਿਸੂ ਰੱਖੀ ਕਿਉਂ ਜੋ ਉਹ ਆਪਣੇ ਲੋਕਾਂ ਨੂੰ ਉਨ੍ਹਾਂ ਦੇ ਪਾਪਾਂ ਤੋਂ ਬਚਾਵੇਗਾ।"

– ਮੱਤੀ 1:20ਅ-21

# ਯਿਸੂ ਦਾ ਜਨਮ

...ਉਨ੍ਹੀਂ ਦਿਨੀਂ ਐਉਂ ਹੋਇਆ ਕਿ ਕੈਸਰ ਔਗੂਸਤੁਸ ਦੇ ਕੋਲੋਂ ਹੁਕਮ ਨਿੱਕਲਿਆ ਜੋ ਸਾਰੀ ਦੁਨੀਆਂ ਦੀ ਮਰਦੁਮਸ਼ੁਮਾਰੀ ਹੋਵੇ ... ਤਦੋਂ ਸਭ ਆਪੋ ਆਪਣੇ ਨਗਰ ਨੂੰ ਨਾਉਂ ਲਿਖਾਉਣ ਚੱਲੇ ਅਤੇ ਯੂਸੁਫ਼ ਵੀ ਬੈਤਲਹਮ ਗਿਆ... ਭਈ ਆਪਣੀ ਮੰਗ ਮਰਿਯਮ ਸਣੇ ਜੋ ਗਰਭਵੰਤੀ ਸੀ ਆਪਣਾ ਨਾਉਂ ਲਿਖਾਵੇ ਅਤੇ ਐਉਂ ਹੋਇਆ ਕਿ ਉਨ੍ਹਾਂ ਦੇ ਉੱਥੇ ਹੁੰਦਿਆਂ ਮਰਿਯਮ ਦੇ ਜਣਨੇ ਦੇ ਦਿਨ ਪੂਰੇ ਹੋ ਗਏ ਅਤੇ ਉਹ ਆਪਣਾ ਜੇਠਾ ਪੁੱਤਰ ਜਣੀ ਅਰ ਉਹ ਨੂੰ ਕੱਪੜੇ ਵਿੱਚ ਵਲ੍ਹੇਟ ਕੇ ਖੁਰਲੀ ਵਿੱਚ ਰੱਖਿਆ ਕਿਉਂ ਜੋ ਉਨ੍ਹਾਂ ਨੂੰ ਸਰਾਂ ਵਿੱਚ ਥਾਂ ਨਾ ਮਿਲਿਆ। ਉਸ ਦੇਸ਼ ਵਿੱਚ ਅਯਾਲੀ ਸਨ ਜੋ ਰੜ ਵਿੱਚ ਰਹਿੰਦੇ ਅਤੇ ਰਾਤ ਨੂੰ ਆਪਣੇ ਇੱਜੜ ਦੀ ਰਾਖੀ ਕਰਦੇ ਸਨ। ਪ੍ਰਭੂ ਦਾ ਇੱਕ ਦੂਤ ਉਨ੍ਹਾਂ ਦੇ ਕੋਲ ਆ ਖਲੋਤਾ ਅਤੇ ਪ੍ਰਭੂ ਦਾ ਤੇਜ ਉਨ੍ਹਾਂ ਦੇ ਚੁਫੇਰੇ ਚਮਕਿਆ ਅਤੇ ਓਹ ਬਹੁਤ ਹੀ ਡਰ ਗਏ। ਤਦ ਦੂਤ ਨੇ ਉਨ੍ਹਾਂ ਨੂੰ ਆਖਿਆ, ਨਾ ਡਰੋ ਕਿਉਂਕਿ ਵੇਖੋ ਮੈਂ ਤੁਹਾਨੂੰ ਵੱਡੀ ਖੁਸ਼ੀ ਦੀ ਖਬਰ ਸੁਣਾਉਂਦਾ ਹਾਂ ਜੋ ਸਾਰੀ ਪਰਜਾ ਦੇ ਲਈ ਹੋਵੇਗੀ। ਭਈ ਦਾਊਦ ਦੇ ਨਗਰ ਵਿੱਚ ਅੱਜ ਤੁਹਾਡੇ ਲਈ ਇੱਕ ਮੁਕਤੀਦਾਤਾ ਪੈਦਾ ਹੋਇਆ, ਜਿਹੜਾ ਮਸੀਹ ਪ੍ਰਭੂ ਹੈ... ਅਤੇ ਤੁਹਾਡੇ ਲਈ ਇਹ ਪਤਾ ਹੈ ਕਿ ਤੁਸੀਂ ਇੱਕ ਬਾਲਕ ਨੂੰ ਕੱਪੜੇ ਵਿੱਚ ਵਲ੍ਹੇਟਿਆ ਅਤੇ ਖੁਰਲੀ ਵਿੱਚ ਪਿਆ ਹੋਇਆ ਵੇਖੋਗੇ। ਤਾਂ ਇੱਕ ਦਮ ਸੁਰਗ ਦੀ ਫ਼ੌਜ ਦਾ ਇੱਕ ਜੱਥਾ ਉਸ ਦੂਤ ਦੇ ਨਾਲ ਹੋ ਕੇ ਪਰਮੇਸ਼ੁਰ ਦੀ ਉਸਤਤ ਕਰਦਾ ਅਤੇ ਇਹ ਕਹਿੰਦਾ ਸੀ: "ਪਰਮਧਾਮ ਵਿੱਚ ਪਰਮੇਸ਼ੁਰ ਦੀ ਵਡਿਆਈ, ਅਤੇ ਧਰਤੀ ਉੱਤੇ ਸ਼ਾਂਤੀ ਉਨ੍ਹਾਂ ਲੋਕਾਂ ਵਿੱਚ ਜਿਨ੍ਹਾਂ ਨਾਲ ਉਹ ਪ੍ਰਸੰਨ ਹੈ।" – ਲੂਕਾ 2:1–14

# ਯਿਸੂ ਇੱਕ ਬਾਲਕ ਦੇ ਰੂਪ ਵਿੱਚ

ਜਾਂ ਅੱਠ ਦਿਨ ਪੂਰੇ ਹੋਏ ਕਿ ਉਹ ਦੀਆਂ ਸੁੰਨਤਾਂ ਹੋਣ ਤਾਂ ਉਹ ਦਾ ਨਾਮ ਯਿਸੂ ਰੱਖਿਆ ਗਿਆ ਜੋ ਉਹ ਦੇ ਕੁੱਖ ਵਿੱਚ ਪੈਣ ਤੋਂ ਅੱਗੇ ਦੂਤ ਨੇ ਰੱਖਿਆ ਸੀ। – ਲੂਕਾ 2:21

ਅਤੇ ਵੇਖੋ, ਯਰੂਸ਼ਲਮ ਵਿੱਚ ਸਿਮਓਨ ਕਰਕੇ ਇੱਕ ਮਨੁੱਖ ਸੀ ਅਰ ਉਹ ਧਰਮੀ ਅਤੇ ਭਗਤ ਲੋਕ ਸੀ ਅਤੇ ਇਸਰਾਏਲ ਦੀ ਤਸੱਲੀ ਦੀ ਉਡੀਕ ਵਿੱਚ ਸੀ ਪਰ ਪਵਿੱਤਰ ਆਤਮਾ ਉਸ ਉੱਤੇ ਸੀ ਅਰ ਉਹ ਨੂੰ ਪਵਿੱਤਰ ਆਤਮਾ ਨੇ ਖਬਰ ਦਿੱਤੀ ਸੀ ਭਈ ਜਦ ਤੀਕਰ ਤੂੰ ਪ੍ਰਭੂ ਦੇ ਮਸੀਹ ਨੂੰ ਨਾ ਵੇਖੇਂ ਤੂੰ ਨਾ ਮਰੇਂਗਾ। ਉਹ ਆਤਮਾ ਦੀ ਅਗਵਾਈ ਨਾਲ ਹੈਕਲ ਵਿੱਚ ਆਇਆ ਅਤੇ ਜਿਸ ਵੇਲੇ ਮਾਪੇ ਉਸ ਬਾਲਕ ਯਿਸੂ ਨੂੰ ਅੰਦਰ ਲਈ ਆਉਂਦੇ ਸਨ ਜੋ ਸ਼ਰ੍ਹਾ ਦੀ ਰੀਤ ਅਨੁਸਾਰ ਉਹ ਦੇ ਲਈ ਅਮਲ ਕਰਨ ਓਨ ਉਸਨੂੰ ਕੁੱਛੜ ਲਿਆ ਅਤੇ ਪਰਮੇਸ਼ੁਰ ਨੂੰ ਮੁਬਾਰਕਬਾਦ ਦੇ ਕੇ ਬੋਲਿਆ: ਹੇ ਮਾਲਕ, ਹੁਣ ਤੂੰ ਆਪਣੇ ਦਾਸ ਨੂੰ ਆਪਣੇ ਬਚਨ ਅਨੁਸਾਰ ਸ਼ਾਂਤੀ ਨਾਲ ਵਿਦਿਆ ਕਰਦਾ ਹੈ: ਕਿਉਂਕਿ ਮੇਰੀਆਂ ਅੱਖਾਂ ਨੇ ਤੇਰੀ ਮੁਕਤੀ ਡਿੱਠੀ, ਜਿਹੜੀ ਤੈਂ ਸਾਰੇ ਲੋਕਾਂ ਅੱਗੇ ਤਿਆਰ ਕੀਤਾ ਹੈ, ਪਰਾਈਆਂ ਕੌਮਾਂ ਨੂੰ ਉਜਾਲਾ ਕਰਨ ਲਈ ਜੋਤ, ਅਤੇ ਆਪਣੀ ਪਰਜਾ ਇਸਰਾਏਲ ਦੇ ਲਈ ਤੇਜ। ਤਦ ਉਹ ਦੇ ਪਿਤਾ ਤੇ ਮਾਤਾ ਉਨ੍ਹਾਂ ਗੱਲਾਂ ਤੋਂ ਜੋ ਉਹ ਦੇ ਵਿਖੇ ਆਖੀਆਂ ਗਈਆਂ ਹੈਰਾਨ ਹੋ ਰਹੇ ਸਨ। ਤਾਂ ਸਿਮਓਨ ਨੇ ਉਨ੍ਹਾਂ ਨੂੰ ਅਸੀਸ ਦਿੱਤੀ .... – ਲੂਕਾ 2:25–34

# ਯਿਸੂ ਦੀ ਅਰਾਧਨਾ ਹੁੰਦੀ ਹੈ

ਜਾਂ ਯਿਸੂ ਰਾਜਾ ਹੇਰੋਦੇਸ ਦੇ ਦਿਨੀਂ ਯਹੂਦਿਯਾ ਦੇ ਬੈਤਲਹਮ ਵਿੱਚ ਜੰਮਿਆ ਤਾਂ ਵੇਖੋ, ਜੋਤਸ਼ੀਆਂ ਨੇ ਚੜ੍ਹਦੇ ਪਾਸਿਓਂ ਯਰੂਸ਼ਲਮ ਵਿੱਚ ਆਣ ਕੇ ਕਿਹਾ, ਜਿਹੜਾ "ਯਹੂਦਿਆਂ ਦਾ ਪਾਤਸ਼ਾਹ ਜੰਮਿਆ ਹੈ ਉਹ ਕਿੱਥੇ ਹੈ? ਕਿਉਂ ਜੋ ਅਸਾਂ ਚੜ੍ਹਦੇ ਪਾਸੇ ਉਹ ਦਾ ਤਾਰਾ ਡਿੱਠਾ ਅਤੇ ਉਹ ਨੂੰ ਮੱਥਾ ਟੇਕਣ ਆਏ ਹਾਂ।"

ਇਹ ਗੱਲ ਸੁਣ ਕੇ ਰਾਜਾ ਹੇਰੋਦੇਸ ਸਾਰੇ ਯਰੂਸ਼ਲਮ ਸਣੇ ਘਬਰਾਇਆ ਅਤੇ ਉਸ ਨੇ ਸਾਰੇ ਪਰਧਾਨ ਜਾਜਕਾਂ ਅਤੇ ਕੌਮ ਦੇ ਗ੍ਰੰਥੀਆਂ ਨੂੰ ਇਕੱਠਿਆਂ ਕਰ ਕੇ ਉਨ੍ਹਾਂ ਨੂੰ ਪੁੱਛਿਆ ਜੋ ਮਸੀਹ ਕਿੱਥੇ ਜੰਮੇਗਾ? ਉਨ੍ਹਾਂ ਨੇ ਉਸ ਨੂੰ ਕਿਹਾ, "ਯਹੂਦਿਯਾ ਦੇ ਬੈਤਲਹਮ ਵਿੱਚ ਕਿਉਂ ਜੋ ਨਬੀ ਦੇ ਰਾਹੀਂ ਐਉਂ ਲਿਖਿਆ ਹੋਇਆ ਹੈ ਕਿ... "

ਓਹ ਰਾਜੇ ਦੀ ਸੁਣ ਕੇ ਤੁਰ ਪਏ ਅਤੇ ਵੇਖੋ ਉਹ ਤਾਰਾ ਜਿਹੜਾ ਉਨ੍ਹਾਂ ਨੇ ਚੜ੍ਹਦੇ ਪਾਸੇ ਡਿੱਠਾ ਸੀ ਉਨ੍ਹਾਂ ਦੇ ਅੱਗੇ ਅੱਗੇ ਚੱਲਿਆ ਇੱਥੋਂ ਤੀਕ ਜੋ ਉਸ ਥਾਂ ਦੇ ਉੱਤੇ ਜਾ ਟਿਕਿਆ ਜਿੱਥੇ ਉਹ ਬਾਲਕ ਸੀ।

ਅਤੇ ਤਾਰੇ ਨੂੰ ਵੇਖ ਕੇ ਓਹ ਵੱਡੇ ਹੀ ਅਨੰਦ ਹੋਏ ਅਤੇ ਉਨ੍ਹਾਂ ਨੇ ਉਸ ਘਰ ਵਿੱਚ ਜਾ ਕੇ ਬਾਲਕ ਨੂੰ ਉਹ ਦੀ ਮਾਤਾ ਮਰਿਯਮ ਦੇ ਨਾਲ ਡਿੱਠਾ ਅਰ ਪੈਰੀਂ ਪੈ ਕੇ ਉਹ ਨੂੰ ਮੱਥਾ ਟੇਕਿਆ ਅਤੇ ਆਪਣੀਆਂ ਥੈਲੀਆਂ ਖੋਲ੍ਹ ਕੇ ਸੋਨਾ ਅਤੇ ਲੁਬਾਣ ਅਤੇ ਗੰਧਰਸ ਉਹ ਦੀ ਭੇਟ ਕੀਤੀ।

– ਮੱਤੀ 2:1-5, 9-11

ਅਤੇ ਅਕਾਸ਼ ਉੱਤੋ ਇੱਕ ਹੋਰ ਨਿਸ਼ਾਨ ਦਿੱਸਿਆ ਅਤੇ ਵੇਖੋ, ਇੱਕ ਵੱਡਾ ਭਾਰਾ ਲਾਲ ਅਜਗਰ ਸੀ ਜਿਹਦੇ ਸੱਤ ਸਿਰ ਅਤੇ ਦੱਸ ਸਿੰਙ ਸਨ ਅਤੇ ਉਹ ਦਿਆਂ ਸਿਰਾਂ ਉੱਤੇ ਸੱਤ ਮੁਕਟ, ਅਤੇ ਉਹ ਦੀ ਪੂਛ ਨੇ ਅਕਾਸ਼ ਦੇ ਤਾਰਿਆਂ ਦੀ ਇੱਕ ਤਿਹਾਈ ਨੂੰ ਵਲ੍ਹੇਟ ਕੇ ਖਿੱਚਿਆ ਅਤੇ ਓਹਨਾਂ ਨੂੰ ਧਰਤੀ ਉੱਤੇ ਦੇ ਮਾਰਿਆ, ਅਤੇ ਉਹ ਅਜਗਰ ਓਸ ਇਸਤ੍ਰੀ ਦੇ ਅੱਗੇ ਜਿਹੜੀ ਜਣਨ ਲੱਗੀ ਸੀ ਜਾ ਖਲੋਤਾ ਭਈ ਜਿਸ ਵੇਲੇ ਉਹ ਜਣੇ ਤਾਂ ਉਹ ਬਾਲਕ ਨੂੰ ਭੱਛ ਲਵੇ। ਉਹ ਇੱਕ ਪੁੱਤ੍ਰ ਇੱਕ ਨਰ ਬਾਲ ਜਣੀ ਜਿਹਨੇ ਲੋਹੇ ਦੇ ਡੰਡੇ ਨਾਲ ਸਭਨਾਂ ਕੌਮਾਂ ਉੱਤੇ ਹਕੂਮਤ ਕਰਨੀ ਹੈ।

– ਪਰਕਾਸ਼ ਦੀ ਪੋਥੀ 12:3-5 ੳ

ਪ੍ਰਭੂ ਦੇ ਇੱਕ ਦੂਤ ਨੇ ਯੂਸੁਫ ਨੂੰ ਸੁਫਨੇ ਵਿੱਚ ਦਰਸ਼ਣ ਦੇ ਕੇ ਆਖਿਆ, ਉੱਠ! ਬਾਲਕ ਅਤੇ ਉਹ ਦੀ ਮਾਤਾ ਨੂੰ ਨਾਲ ਲੈ ਕੇ ਮਿਸਰ ਦੇਸ਼ ਨੂੰ ਭੱਜ ਜਾਹ ਅਤੇ ਜਦ ਤੀਕਰ ਮੈਂ ਤੈਨੂੰ ਨਾ ਆਖਾਂ ਉੱਥੇ ਹੀ ਰਹੁ ਕਿਉਂ ਜੋ ਹੇਰੋਦੇਸ ਉਹਦੇ ਨਾਸ ਕਰਨ ਲਈ ਇਸ ਬਾਲਕ ਨੂੰ ਭਾਲੇਗਾ।

ਤਦ ਉਹ ਉੱਠ ਕੇ ਰਾਤੋ ਰਾਤ ਬਾਲਕ ਅਤੇ ਉਹ ਦੀ ਮਾਤਾ ਨੂੰ ਨਾਲ ਲੈ ਕੇ ਮਿਸਰ ਵੱਲ ਤੁਰ ਪਿਆ, ਅਤੇ ਹੇਰੋਦੇਸ ਦੇ ਮਰਨ ਤੋੜੀ ਉੱਥੇ ਰਿਹਾ। ਜਾਂ ਹੇਰੋਦੇਸ ਨੇ ਵੇਖਿਆ ਕਿ ਜੋਤਸ਼ੀਆਂ ਨੇ ਮੇਰੇ ਨਾਲ ਮਖ਼ੌਲ ਕੀਤਾ ਤਾਂ ਉਹ ਨੂੰ ਵੱਡਾ ਕ੍ਰੋਧ ਆਇਆ ਅਤੇ ਮਨੁੱਖਾਂ ਨੂੰ ਘੱਲ ਕੇ ਬੈਤਲਹਮ ਅਤੇ ਉਹਦੇ ਆਲੇ-ਦੁਆਲੇ ਦੇ ਸਭਨਾਂ ਨੀਂਗਰਾਂ ਨੂੰ ਮਰਵਾ ਸੁੱਟਿਆ ਜਿਹੜੇ ਦੋ ਵਰਿਹਾਂ ਦੇ ਅਤੇ ਏਦੋਂ ਇਆਣੇ ਸਨ।

– ਮੱਤੀ 2:13 ਅ - 15ੳ, 16ੳ

# ਯਿਸੂ ਦਾ ਬਚਪਨ

ਉਹ ਮੁੰਡਾ ਵਧਦਾ ਅਤੇ ਗਿਆਨ ਨਾਲ ਭਰਪੂਰ ਹੋ ਕੇ ਜ਼ੋਰ ਫੜਦਾ ਗਿਆ, ਅਤੇ ਪ੍ਰਭੂ ਦੀ ਕਿਰਪਾ ਉਸ ਉੱਤੇ ਸੀ। ਉਹ ਦੇ ਮਾਪੇ ਵਰਹੇ ਦੇ ਵਰਹੇ ਪਸਾਹ ਦੇ ਤਿਉਹਾਰ ਉੱਤੇ ਯਰੂਸ਼ਲਮ ਨੂੰ ਜਾਂਦੇ ਸਨ, ਅਤੇ ਜਾਂ ਉਹ ਬਾਰਾਂ ਵਰਿਹਾਂ ਦਾ ਹੋਇਆ ਤਾਂ ਓਹ ਤਿਉਹਾਰ ਦੀ ਰੀਤ ਅਨੁਸਾਰ ਗਏ...ਜਦ ਮੁੜਨ ਲੱਗੇ ਤਦ ਬਾਲਕ ਯਿਸੂ ਯਰੂਸ਼ਲਮ ਵਿੱਚ ਰਹਿ ਗਿਆ ... ਪਰ ਇਹ ਸਮਝ ਕੇ ਭਈ ਉਹ ਕਾਫ਼ਲੇ ਵਿੱਚ ਹੈ ਓਹ ਇੱਕ ਮੰਜ਼ਿਲ ਗਏ ਤਦ ਉਹਨੂੰ ਸਾਕਾਂ ਅਤੇ ਜਾਣ ਪਛਾਣਾਂ ਵਿੱਚ ਭਾਲਿਆ, ਅਰ ਜਦ ਉਹ ਨਾ ਲੱਭਾ ਤਦ ਉਹਦੀ ਭਾਲ ਵਿੱਚ ਯਰੂਸ਼ਲਮ ਨੂੰ ਮੁੜੇ ...ਅਤੇ ਐਉਂ ਹੋਇਆ ਜੋ ਉਨ੍ਹਾਂ ਨੇ ਤਿੰਨਾਂ ਦਿਨਾਂ ਪਿੱਛੋਂ ਉਹਨੂੰ ਹੈਕਲ ਵਿੱਚ ਗੁਰੂਆਂ ਦੇ ਵਿੱਚਕਾਰ ਬੈਠਿਆਂ ਉਨ੍ਹਾਂ ਦੀ ਸੁਣਦਿਆਂ ਅਤੇ ਉਨ੍ਹਾਂ ਤੋਂ ਪ੍ਰਸ਼ਨ ਕਰਦਿਆਂ ਲੱਭਾ, ਅਤੇ ਸਾਰੇ ਸੁਣਨ ਵਾਲੇ ਉਹ ਦੀ ਸਮਝ ਅਤੇ ਉਹਦੇ ਉੱਤਰਾਂ ਤੋਂ ਹੈਰਾਨ ਹੋਏ, ਤਦ ਓਹ ਉਸਨੂੰ ਵੇਖ ਕੇ ਅਚਰਜ ਹੋਏ ਅਤੇ ਉਹਦੀ ਮਾਤਾ ਨੇ ਉਹਨੂੰ ਆਖਿਆ, ਪੁੱਤ੍ਰ ਤੈਂ ਸਾਡੇ ਨਾਲ ਇਹ ਕੀ ਕੀਤਾ? ਵੇਖ ਤੇਰਾ ਪਿਤਾ ਅਤੇ ਮੈਂ ਕਲਪਦੇ ਹੋਏ ਤੈਨੂੰ ਲੱਭਦੇ ਫਿਰੇ, ਉਹਨੇ ਉਨਾਂ ਨੂੰ ਆਖਿਆ, ਕਾਹ ਨੂੰ ਤੁਸੀਂ ਲੱਭਦੇ ਸਾਓ ਭਈ ਮੈਨੂੰ ਚਾਹੀਦਾ ਹੈ ਜੋ ਅਤੇ ਆਪਣੇ ਪਿਤਾ ਦੇ ਕੰਮਾਂ ਵਿੱਚ ਲੱਗਾ ਰਹਾਂ?

ਅਤੇ ਯਿਸੂ ਗਿਆਨ ਅਰ ਕੱਦ ਅਰ ਪਰਮੇਸ਼ੁਰ ਅਤੇ ਮਨੁੱਖਾਂ ਦੀ ਕਿਰਪਾ ਵਿਚ ਵਧਦਾ ਗਿਆ।

– ਲੂਕਾ 2:40–49, 52

ਪਰਮੇਸ਼ੁਰ ਦੀ ਵੱਲੋਂ ਯੂਹੰਨਾ ਨਾਮੇ ਇੱਕ ਮਨੁੱਖ ਭੇਜਿਆ ਹੋਇਆ ਸੀ, ਉਸਨੇ ਕਿਹਾ ਕਿ ਜਿਸ ਪਰਕਾਰ ਯਸਾਯਾਹ ਨਬੀ ਨੇ ਆਖਿਆ ਮੈਂ ਉਜਾੜ ਵਿੱਚ ਇੱਕ ਹੋਕਾ ਦੇਣ ਵਾਲੇ ਦੀ ਅਵਾਜ਼ ਹਾਂ ਕਿ ਪ੍ਰਭੂ ਦਾ ਰਸਤਾ ਸਿੱਧਾ ਕਰੋ।

ਦੂਜੇ ਦਿਨ ਯਿਸੂ ਨੂੰ ਆਪਣੀ ਵੱਲ ਆਉਂਦਾ ਵੇਖ ਕੇ ਉਸ ਨੇ ਆਖਿਆ, "ਵੇਖੋ ਪਰਮੇਸ਼ੁਰ ਦਾ ਲੇਲਾ ਜਿਹੜਾ ਜਗਤ ਦਾ ਪਾਪ ਚੁੱਕ ਲੈ ਜਾਂਦਾ ਹੈ।"

ਯੂਹੰਨਾ ਨੇ ਇਹ ਸਾਖੀ ਦੇ ਕੇ ਆਖਿਆ ਕਿ "ਮੈਂ ਆਤਮਾ ਨੂੰ ਕਬੂਤਰ ਦੀ ਨਿਆਈਂ ਅਕਾਸ਼ੋਂ ਉੱਤਰਦਾ ਵੇਖਿਆ ਅਤੇ ਉਹ ਉਸ ਉੱਤੇ ਠਹਿਰਿਆ, ਅਰ ਮੈਂ ਉਸਨੂੰ ਨਹੀਂ ਜਾਣਦਾ ਸਾਂ ਪਰ ਜਿਹਨੇ ਮੈਨੂੰ ਜਲ ਨਾਲ ਬਪਤਿਸਮਾ ਦੇਣ ਲਈ ਘੱਲਿਆ ਉਸੇ ਨੇ ਮੈਨੂੰ ਆਖਿਆ ਕਿ ਜਿਹ ਦੇ ਉੱਤੇ ਤੂੰ ਆਤਮਾ ਨੂੰ ਉੱਤਰਦਾ ਅਤੇ ਉਸ ਉੱਤੇ ਠਹਿਰਦਾ ਵੇਖੇਂ ਇਹ ਉਹੋ ਹੈ ਜੋ ਪਵਿੱਤ੍ਰ ਆਤਮਾ ਨਾਲ ਬਪਤਿਸਮਾ ਦਿੰਦਾ ਹੈ, ਸੋ ਮੈਂ ਵੇਖਿਆ ਅਤੇ ਸਾਖੀ ਦਿੱਤੀ ਹੈ ਜੋ ਇਹ ਪਰਮੇਸ਼ੁਰ ਦਾ ਪੁੱਤ੍ਰ ਹੈਗਾ।"

- ਯੂਹੰਨਾ 1:6, 23, 29, 32-34

ਅਤੇ ਜਾਂ ਯਿਸੂ ਬਪਤਿਸਮਾ ਲੈ ਚੁੱਕਿਆ ਤਾਂ ਝੱਟ ਪਾਣੀ ਤੋਂ ਉੱਪਰ ਆਇਆ ਅਤੇ ਵੇਖੋ, ਅਕਾਸ਼ ਉਹ ਦੇ ਲਈ ਖੁੱਲ੍ਹ ਗਿਆ ਅਤੇ ਉਹ ਨੇ ਪਰਮੇਸ਼ੁਰ ਦਾ ਆਤਮਾ ਕਬੂਤਰ ਵਾਂਙੁ ਉਤਰਦਾ ਅਤੇ ਆਪਣੇ ਉੱਤੇ ਆਉਂਦਾ ਡਿੱਠਾ, ਅਰ "ਵੇਖੋ ਇੱਕ ਸੁਰਗੀ ਬਾਣੀ ਆਈ ਕਿ ਇਹ ਮੇਰਾ ਪਿਆਰਾ ਪੁੱਤ੍ਰ ਹੈ ਜਿਸ ਤੋਂ ਮੈਂ ਪਰਸਿੰਨ ਹਾਂ।" - ਮੱਤੀ 3:16-17

# ਯਿਸੂ ਪਰਤਾਵੇ ਉੱਪਰ ਜਿੱਤ ਪ੍ਰਾਪਤ ਕਰਦਾ ਹੈ

ਹੁਣ ਜਦ ਯਿਸੂ ਕੋਲ ਪਰਤਾਵਾ ਆਇਆ ਉਸ ਨੇ ਆਖਿਆ, "ਜੇ ਤੂੰ ਪਰਮੇਸ਼ੁਰ ਦਾ ਪੁੱਤ੍ਰ ਹੈਂ ਤਾਂ ਕਹੁ ਜੋ ਏਹ ਪੱਥਰ ਰੋਟੀਆਂ ਬਣ ਜਾਹ।" ਪਰ ਉਹਨੇ ਉੱਤਰ ਦਿੱਤਾ, ਲਿਖਿਆ ਹੈ ਭਈ ਇਨਸਾਨ ਨਿਰੀ ਰੋਟੀ ਨਾਲ ਹੀ ਜੀਉਂਦਾ ਨਹੀਂ ਰਹੇਗਾ ਪਰ ਹਰੇਕ ਵਾਕ ਨਾਲ ਜਿਹੜਾ ਪਰਮੇਸ਼ੁਰ ਦੇ ਮੁਖੋਂ ਨਿੱਕਲਦਾ ਹੈ।

ਫੇਰ ਸ਼ਤਾਨ ...ਅਤੇ ਹੈਕਲ ਦੇ ਕਿੰਗਰੇ ਉੱਤੇ ਖੜਾ ਕਰਕੇ ਉਹਨੂੰ ਕਿਹਾ, "ਜੇ ਤੂੰ ਪਰਮੇਸ਼ੁਰ ਦਾ ਪੁੱਤ੍ਰ ਹੈਂ ਤਾਂ ਆਪਣੇ ਆਪ ਨੂੰ ਹੇਠਾਂ ਡੇਗ ਦਿਹ ਕਿਉਂ ਜੋ ਲਿਖਿਆ ਹੈ ਕਿ ਉਹ ਆਪਣੇ ਦੂਤਾਂ ਨੂੰ ਤੇਰੇ ਲਈ ਹੁਕਮ ਦੇਵੇਗਾ, ਓਹ ਤੈਨੂੰ ਹੱਥਾਂ ਉੱਤੇ ਚੁੱਕ ਲੈਣਗੇ, ਮਤੇ ਪੱਥਰ ਨਾਲ ਤੇਰੇ ਪੈਰ ਨੂੰ ਸੱਟ ਲੱਗੇ।

ਯਿਸੂ ਨੇ ਉਸ ਨੂੰ ਆਖਿਆ ਇਹ ਭੀ ਲਿਖਿਆ ਹੈ, ਜੋ ਤੂੰ ਪ੍ਰਭੂ ਆਪਣੇ ਪਰਮੇਸ਼ੁਰ ਨੂੰ ਨਾ ਪਰਤਾ, ਫੇਰ ਸ਼ਤਾਨ ਉਹਨੂੰ ਇੱਕ ਵੱਡੇ ਉੱਚੇ ਪਹਾੜ ਉੱਤੇ ਨਾਲ ਲੈ ਗਿਆ ਅਤੇ ਜਗਤ ਦੀਆਂ ਸਾਰੀਆਂ ਪਾਤਸ਼ਾਹੀਆਂ ਅਤੇ ਉਨ੍ਹਾਂ ਦਾ ਜਲੌ ਉਹ ਨੂੰ ਵਿਖਾਇਆ, ਅਤੇ ਉਹ ਨੂੰ ਕਿਹਾ, ਜੇ ਤੂੰ ਨਿਉਂ ਕੇ ਮੈਨੂੰ ਮੱਥਾ ਟੇਕੇਂ ਤਾਂ ਇਹ ਸੱਭੋ ਕੁਝ ਮੈਂ ਤੈਨੂੰ ਦੇ ਦਿਆਂਗਾ। ਤਦੋਂ ਯਿਸੂ ਨੇ ਉਸਨੂੰ ਕਿਹਾ, ਹੇ ਸ਼ਤਾਨ ਚੱਲਿਆ ਜਾਹ। ਕਿਉਂ ਜੋ ਲਿਖਿਆ ਹੈ ਭਈ ਤੂੰ ਪ੍ਰਭੂ ਆਪਣੇ ਪਰਮੇਸ਼ੁਰ ਨੂੰ ਮੱਥਾ ਟੇਕ ਅਤੇ ਉਸੇ ਇਕੱਲੇ ਦੀ ਉਪਾਸਨਾ ਕਰ।

– ਮੱਤੀ 4:3-10

ਕਿਉਂਕਿ ਜਦੋਂ ਉਸ ਨੇ ਆਪ ਹੀ ਪਰਤਾਵੇ ਵਿੱਚ ਪੈ ਕੇ ਦੁੱਖ ਝੱਲਿਆ ਤਾਂ ਉਹ ਓਹਨਾਂ ਦੀ ਜਿਹੜੇ ਪਰਤਾਵੇ ਵਿੱਚ ਪੈਂਦੇ ਹਨ ਸਹਾਇਤਾ ਕਰ ਸੱਕਦਾ ਹੈ।

– ਇਬਰਾਨੀਆਂ 2:18

# ਯਿਸੂ ਆਪਣੇ ਚੇਲਿਆਂ ਨੂੰ ਬੁਲਾਉਂਦਾ ਹੈ



ਗਲੀਲ ਦੀ ਝੀਲ ਦੇ ਕੰਢੇ ਉੱਤੇ ਫਿਰਦਿਆਂ ਉਸਨੇ ਸ਼ਮਊਨ ਅਰ ਸ਼ਮਊਨ ਦੇ ਭਰਾ ਅੰਦ੍ਰਿਆਸ ਨੂੰ ਝੀਲ ਵਿੱਚ ਜਾਲ ਪਾਉਂਦਿਆਂ ਡਿੱਠਾ ਕਿਉਂ ਜੋ ਓਹ ਮਾਛੀ ਸਨ। ਯਿਸੂ ਨੇ ਉਨ੍ਹਾਂ ਨੂੰ ਆਖਿਆ, ਮੇਰੇ ਮਗਰ ਆਓ ਤਾਂ ਮੈਂ ਤੁਹਾਨੂੰ ਮਨੁੱਖਾਂ ਦੇ ਸ਼ਿਕਾਰੀ ਬਣਾਵਾਂਗਾ। ਅਤੇ ਓਹ ਝੱਟ ਜਾਲਾਂ ਨੂੰ ਛੱਡ ਕੇ ਉਹ ਦੇ ਮਗਰ ਹੋ ਤੁਰੇ। ਅਰ ਥੋੜ੍ਹੀ ਦੂਰ ਅੱਗੇ ਵੱਧ ਕੇ … ਉਹਨੇ ਜ਼ਬਦੀ ਦੇ ਪੁੱਤ੍ਰ ਯਾਕੂਬ ਅਤੇ ਉਹਦੇ ਭਰਾ ਯੂਹੰਨਾ ਨੂੰ ਵੇਖਿਆ ਜੋ ਬੇੜੀ ਉੱਤੇ ਜਾਲਾਂ ਨੂੰ ਸੁਧਾਰਦੇ ਸਨ, ਅਰ ਝੱਟ ਉਸਨੇ ਉਨ੍ਹਾਂ ਨੂੰ ਸੱਦਿਆ ਅਤੇ ਓਹ ਆਪਣੇ ਪਿਉ ਜ਼ਬਦੀ ਨੂੰ ਕਾਮਿਆਂ ਸਣੇ ਬੇੜੀ ਵਿੱਚ ਛੱਡ ਕੇ ਉਹਦੇ ਮਗਰ ਤੁਰ ਪਏ।

– ਮਰਕੁਸ 1:16–20

ਅਗਲੇ ਭਲਕ ਯਿਸੂ ਨੇ ਚਾਹਿਆ ਜੋ ਉੱਥੋਂ ਨਿਕਲ ਕੇ ਗਲੀਲ ਵਿੱਚ ਜਾਵੇ। ਤਾਂ ਫ਼ਿਲਿੱਪੁਸ ਨੂੰ ਲੱਭ ਕੇ ਉਹਨੂੰ ਆਖਿਆ ਭਈ ਮੇਰੇ ਪਿੱਛੇ ਹੋ ਤੁਰ।

– ਯੂਹੰਨਾ 1:43

ਅਰ ਜਾਂਦੇ ਹੋਏ ਉਹਨੇ ਹਲਫਾ ਦੇ ਪੁੱਤ੍ਰ ਲੇਵੀ ਨੂੰ ਮਸੂਲ ਦੀ ਚੌਂਕੀ ਉੱਤੇ ਬੈਠੇ ਵੇਖਿਆ ਅਤੇ ਉਸਨੂੰ ਕਿਹਾ, ਮੇਰੇ ਪਿੱਛੇ ਹੋ ਤੁਰ। ਸੋ ਉਹ ਉੱਠ ਕੇ ਉਹਦੇ ਪਿੱਛੇ ਹੋ ਤੁਰਿਆ। – ਮਰਕੁਸ 2:14

… ਅਰ ਪਰਮੇਸ਼ੁਰ ਅੱਗੇ ਪ੍ਰਾਰਥਨਾ ਕਰਦਿਆਂ ਸਾਰੀ ਰਾਤ ਕੱਟੀ ਅਤੇ ਜਾਂ ਦਿਨ ਚੜ੍ਹਿਆ ਤਾਂ ਉਸਨੇ ਆਪਣਿਆਂ ਚੇਲਿਆਂ ਨੂੰ ਕੋਲ ਸੱਦਿਆ ਅਤੇ ਉਨ੍ਹਾਂ ਵਿੱਚੋਂ ਬਾਰਾਂ ਨੂੰ ਚੁਣ ਕੇ ਉਨ੍ਹਾਂ ਦਾ ਨਾਉਂ ਰਸੂਲ ਵੀ ਰੱਖਿਆ। – ਲੂਕਾ 6:12 ਅ–13

# ਯਿਸੂ ਖੁਸ਼ਖਬਰੀ ਦਾ ਸੰਦੇਸ਼ ਦਿੰਦਾ ਹੈ

ਯਿਸੂ ਆਤਮਾ ਦੀ ਸ਼ਕਤੀ ਵਿੱਚ ਗਲੀਲ ਨੂੰ ਮੁੜਿਆ ਅਰ ਉਹ ਦਾ ਜਸ ਸਾਰੇ ਇਲਾਕੇ ਵਿੱਚ ਖਿੰਡ ਗਿਆ, ਅਤੇ ਉਹ ਉਨ੍ਹਾਂ ਦੀਆਂ ਸਮਾਜਾਂ ਵਿੱਚ ਉਪਦੇਸ਼ ਦਿੰਦਾ ਰਿਹਾ ਅਤੇ ਸਾਰੇ ਉਸ ਦੀ ਵਡਿਆਈ ਕਰਦੇ ਸਨ।

ਫੇਰ ਉਹ ਨਾਸਰਤ ਨੂੰ ਆਇਆ ਜਿੱਥੇ ਪਲਿਆ ਸੀ ਅਤੇ ਆਪਣੇ ਦਸਤੂਰ ਅਨੁਸਾਰ ਸਬਤ ਦੇ ਦਿਨ ਸਮਾਜ ਵਿੱਚ ਜਾ ਕੇ ਪੜ੍ਹਨ ਲਈ ਖੜਾ ਹੋਇਆ ਅਤੇ ਯਸਾਯਾਹ ਨਬੀ ਦੀ ਪੋਥੀ ਉਹ ਨੂੰ ਦਿੱਤੀ ਗਈ ਅਤੇ ਉਸਨੇ ਪੋਥੀ ਖੋਲ੍ਹ ਕੇ ਉਹ ਥਾਂ ਕੱਢਿਆ ਜਿੱਥੇ ਇਹ ਲਿਖਿਆ ਹੋਇਆ ਸੀ,

ਪ੍ਰਭੂ ਦਾ ਆਤਮਾ ਮੇਰੇ ਉੱਤੇ ਹੈ,
ਇਸ ਲਈ ਜੋ ਉਹਨੇ ਮੈਨੂੰ ਮਸਹ ਕੀਤਾ
ਭਈ ਗਰੀਬਾਂ ਨੂੰ ਖੁਸ਼ਖਬਰੀ ਸੁਣਾਵਾਂ।
ਉਸ ਮੈਨੂੰ ਘੱਲਿਆ ਹੈ ਕਿ ਬੰਧੂਆਂ ਨੂੰ ਛੁੱਟਣ
ਅਤੇ ਅੰਨ੍ਹਿਆਂ ਨੂੰ ਵੇਖਣ ਦਾ ਪਰਚਾਰ ਕਰਾਂ,
ਤੇ ਕੁਚਲਿਆਂ ਹੋਇਆਂ ਨੂੰ ਛੁਡਾਵਾਂ,

ਅਤੇ ਪ੍ਰਭੂ ਦੀ ਮਨਜ਼ੂਰੀ ਦੇ ਵਰ੍ਹੇ ਦਾ ਪਰਚਾਰ ਕਰਾਂ। ਅਤੇ ਪੋਥੀ ਬੰਦ ਕਰਕੇ ਸੇਵਕ ਨੂੰ ਦਿੱਤੀ ਅਤੇ ਬੈਠ ਗਿਆ ਅਰ ਸਭਨਾਂ ਦੀਆਂ ਅੱਖਾਂ ਜਿਹੜੇ ਸਮਾਜ ਵਿੱਚ ਹਾਜ਼ਰ ਸਨ ਉਸ ਤੇ ਲੱਗੀਆਂ ਹੋਈਆਂ ਸਨ। ਤਦ ਉਹ ਉਨ੍ਹਾਂ ਨੂੰ ਕਹਿਣ ਲੱਗਾ ਕਿ ਇਹ ਲਿਖਤ ਅੱਜ ਤੁਹਾਡੇ ਕੰਨਾਂ ਵਿੱਚ ਪੂਰੀ ਹੋਈ ਹੈ। ਅਤੇ ਸਭਨਾਂ ਨੇ ਉਸ ਉੱਤੇ ਸਾਖੀ ਦਿੱਤੀ ਅਤੇ ਉਨ੍ਹਾਂ ਕਿਰਪਾ ਦੀਆਂ ਗੱਲਾਂ ਤੋਂ ਜੋ ਉਹ ਦੇ ਮੂੰਹੋਂ ਨਿੱਕਲਦੀਆਂ ਸਨ ਹੈਰਾਨ ਹੋਏ।

– ਲੂਕਾ 4:14–22 ੳ

# ਯਿਸੂ ਹੈਕਲ ਨੂੰ ਸਾਫ ਕਰਦਾ ਹੈ

ਓਹ ਯਰੂਸ਼ਲਮ ਵਿੱਚ ਆਏ ਅਰ ਉਹ ਹੈਕਲ ਵਿੱਚ ਜਾਕੇ ਉਨ੍ਹਾਂ ਨੂੰ ਜਿਹੜੇ ਹੈਕਲ ਵਿੱਚ ਵੇਚਦੇ ਅਰ ਮੁੱਲ ਲੈਂਦੇ ਸਨ ਕੱਢਣ ਲੱਗਾ ਅਤੇ ਸਰਾਫ਼ਾਂ ਦੇ ਤਖ਼ਤਪੋਸ਼ ਅਰ ਕਬੂਤਰ ਵੇਚਣ ਵਾਲਿਆਂ ਦੀਆਂ ਚੌਂਕੀਆਂ ਉਲਟਾ ਦਿੱਤੀਆਂ। ਅਤੇ ਉਨ੍ਹਾਂ ਨੂੰ ਇਹ ਕਹਿ ਕੇ ਉਪਦੇਸ਼ ਦਿੱਤਾ, ਕੀ ਇਹ ਨਹੀਂ ਲਿਖਿਆ ਹੈ ਜੋ ਮੇਰਾ ਘਰ ਸਾਰੀਆਂ ਕੌਮਾਂ ਲਈ ਪ੍ਰਾਰਥਨਾ ਦਾ ਘਰ ਸਦਾਵੇਗਾ? ਪਰ ਤੁਸਾਂ ਉਹ ਨੂੰ ਡਾਕੂਆਂ ਦੀ ਖੋਹ ਬਣਾ ਛੱਡਿਆ ਹੈ!

– ਮਰਕੁਸ 11:15, 17

# ਯਿਸੂ ਪਾਪ ਬਾਰੇ ਸਿਖਾਉਂਦਾ ਹੈ

ਇਸੇ ਤਰ੍ਹਾਂ ਤੁਸੀਂ ਵੀ ਬਾਹਰੋਂ ਮਨੁੱਖਾਂ ਨੂੰ ਧਰਮੀ ਵਿਖਾਈ ਦਿੰਦੇ ਹੋ ਪਰ ਅੰਦਰੋਂ ਕਪਟ ਅਰ ਕੁਧਰਮ ਨਾਲ ਭਰੇ ਹੋਏ ਹੋ। – ਮੱਤੀ 23:28

ਪਰ ਜਿਹੜੀਆਂ ਗੱਲਾਂ ਮੂੰਹੋਂ ਨਿੱਕਲਦੀਆਂ ਹਨ ਓਹ ਦਿਲ ਵਿੱਚੋਂ ਆਉਂਦੀਆਂ ਹਨ ਅਤੇ ਏਹੋ ਮਨੁੱਖ ਨੂੰ ਭ੍ਰਿਸ਼ਟ ਕਰਦੀਆਂ ਹਨ, ਕਿਉਂਕਿ ਬੁਰੇ ਖ਼ਿਆਲ, ਖ਼ੂਨ, ਜਨਾਕਾਰੀਆਂ, ਹਰਾਮਕਾਰੀਆਂ, ਚੋਰੀਆਂ, ਝੂਠੀਆਂ ਉਗਾਹੀਆਂ, ਕੁਫ਼ਲ ਦਿਲ ਵਿੱਚੋਂ ਨਿਕਲਦੇ ਹਨ। – ਮੱਤੀ 15:18–19

ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਹਰੇਕ ਜੋ ਪਾਪ ਕਰਦਾ ਹੈ ਸੋ ਪਾਪ ਦਾ ਗੁਲਾਮ ਹੈ। ਇਸ ਲਈ ਜੇ ਪੁੱਤ੍ਰ ਤੁਹਾਨੂੰ ਅਜ਼ਾਦ ਕਰੇ ਤਾਂ ਠੀਕ ਤੁਸੀਂ ਅਜ਼ਾਦ ਹੋਵੋਗੇ। – ਯੂਹੰਨਾ 8:34, 36

# ਯਿਸੂ ਨਵੇਂ ਜੀਵਨ ਨੂੰ ਪੇਸ਼ ਕਰਦਾ ਹੈ

ਯਿਸੂ ਨੇ ... ਉੱਤਰ ਦਿੱਤਾ, ਮੈਂ ਤੈਨੂੰ ਸੱਚ ਸੱਚ ਆਖਦਾ ਹਾਂ ਕਿ ਕੋਈ ਮਨੁੱਖ ਜੇਕਰ ਨਵੇਂ ਸਿਰਿਓਂ ਨਾ ਜੰਮੇ ਪਰਮੇਸ਼ੁਰ ਦੇ ਰਾਜ ਨੂੰ ਵੇਖ ਨਹੀਂ ਸੱਕਦਾ। ਅਚਰਜ ਨਾ ਮੰਨੀ ਜੋ ਮੈਂ ਤੈਨੂੰ ਆਖਿਆ ਭਈ ਤੁਹਾਨੂੰ ਨਵੇਂ ਸਿਰੇ ਜੰਮਣਾ ਜਰੂਰ ਹੈ। ਕਿਉਂਕਿ ਪਰਮੇਸ਼ੁਰ ਨੇ ਜਗਤ ਨੂੰ ਅਜਿਹਾ ਪਿਆਰ ਕੀਤਾ ਜੋ ਉਹਨੇ ਆਪਣਾ ਇਕਲੌਤਾ ਪੁੱਤ੍ਰ ਬਖ਼ਸ਼ ਦਿੱਤਾ ਤਾਂ ਜੋ ਹਰੇਕ ਜੋ ਉਸ ਉੱਤੇ ਨਿਹਚਾ ਕਰੇ ਨਾਸ ਨਾ ਹੋਵੇ ਪਰ ਸਦੀਪਕ ਜੀਉਣ ਪਾਵੇ।– ਯੂਹੰਨਾ 3:3, 7, 16

ਮੈਂ ਇਸ ਲਈ ਆਇਆ ਭਈ ਉਨ੍ਹਾਂ ਨੂੰ ਜੀਉਣ ਮਿਲੇ ਸਗੋਂ ਚੋਖਾ ਮਿਲੇ।

– ਯੂਹੰਨਾ 10:10 ਅ

ਅਤੇ ਸਦੀਪਕ ਜੀਉਣ ਇਹ ਹੈ ਕਿ ਓਹ ਤੈਨੂੰ ਜੋ ਸੱਚਾ ਵਾਹਿਦ ਪਰਮੇਸ਼ੁਰ ਹੈ ਅਤੇ ਯਿਸੂ ਮਸੀਹ ਨੂੰ ਜਿਹਨੂੰ ਤੈਂ ਘੱਲਿਆ ਜਾਣਨ।– ਯੂਹੰਨਾ 17:3

ਕਿਉਂਕਿ ਜਿਸ ਪਰਕਾਰ ਪਿਤਾ ਮੁਰਦਿਆਂ ਨੂੰ ਉਠਾਲਦਾ ਅਤੇ ਜਿਵਾਲਦਾ ਹੈ ਉਸੇ ਪਰਕਾਰ ਪੁੱਤ੍ਰ ਵੀ ਜਿਨ੍ਹਾਂ ਨੂੰ ਚਾਹੁੰਦਾ ਹੈ ਜਿਵਾਲਦਾ ਹੈ। ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਜੋ ਮੇਰਾ ਬਚਨ ਸੁਣਦਾ ਅਤੇ ਉਹ ਦੀ ਪਰਤੀਤ ਕਰਦਾ ਹੈ ਜਿਨ੍ਹ ਮੈਨੂੰ ਘੱਲਿਆ ਸਦੀਪਕ ਜੀਉਣ ਉਹ ਦਾ ਹੈ ਅਰ ਉਸ ਉੱਤੇ ਸਜ਼ਾ ਦਾ ਹੁਕਮ ਨਹੀਂ ਹੁੰਦਾ ਸਗੋਂ ਮੌਤ ਤੋਂ ਪਾਰ ਲੰਘ ਕੇ ਉਹ ਜੀਉਣ ਵਿੱਚ ਜਾ ਪਹੁੰਚਿਆ ਹੈ।

– ਯੂਹੰਨਾ 5:21, 24

ਸੋ ਜੇ ਕੋਈ ਮਸੀਹ ਵਿੱਚ ਹੈ ਤਾਂ ਉਹ ਨਵੀਂ ਸਰਿਸ਼ਟ ਹੈ। ਪੁਰਾਣੀਆਂ ਗੱਲਾਂ ਬੀਤ ਗਈਆਂ, ਵੇਖੋ, ਓਹ ਨਵੀਆਂ ਹੋ ਗਈਆਂ ਹਨ।

– 2 ਕੁਰਿੰਥੀਆਂ 5:17

# ਯਿਸੂ ਜੀਵਨ ਜਲ ਦਿੰਦਾ ਹੈ।



ਉਹ ਸੁਖਾਰ ਨਾਮੇ ਸਾਮਰਿਯਾ ਦੇ ਇਕ ਨਗਰ ਦੇ ਕ਼ਲ ਆਇਆ ਜ਼ ਉਸ ਜ਼ਮੀਨ ਦੇ ਨੇੜੇ ਸੀ ਜਿਹੜੀ ਯਾਕੂਬ ਨੇ ਆਪਣੇ ਪੁੱਤ੍ਰ ਯੂਸਫ਼ ਨੂੰ ਦਿੱਤੀ ਅਰ ਉੱਥੇ ਯਾਕੂਬ ਦਾ ਖੂਹ ਹੈਸੀ ਸੋ ਯਿਸੂ ਪੈਂਡੇ ਤ਼ੋਂ ਥੱਕ ਕੇ ਉਸ ਖੂਹ ਉੱਤੇ ਐਵੇਂ ਬੈਠ ਗਿਆ। ਉਹ ਦੁਪਿਹਰਕੁ ਦਾ ਵੇਲਾ ਸੀ ਤਦ ਸਾਮਰਿਯਾ ਦੀ ਇੱਕ ਤੀਵੀਂ ਪਾਣੀ ਭਰਨੇ ਆਈ। ਯਿਸੂ ਨੇ ਉਹ ਨੂੰ ਆਖਿਆ, ਮੈਨੂੰ ਜਲ ਪਿਆ ਕਿਉਂ ਜ਼ ਉਸ ਦੇ ਚੇਲੇ ਖਾਣ ਲਈ ਕੁਝ ਮੁੱਲ ਲਿਆਉਣ ਨੂੰ ਨਗਰ ਵਿੱਚ ਗਏ ਹ਼ਏ ਸਨ...ਯਿਸੂ ਨੇ ਉਹ ਨੂੰ ਉੱਤਰ ਦਿੱਤਾ ਜੇ ਤੂੰ ਪਰਮੇਸ਼ੁਰ ਦੀ ਬਖ਼ਸ਼ਿਸ਼ ਨੂੰ ਜਾਣਦੀ ਅਤੇ ਇਹ ਕਿ ਉਹ ਕ਼ੌਣ ਹੈ ਜੋ ਤੈਨੂੰ ਆਖਦਾ ਹੈ ਭਈ ਮੈਨੂੰ ਜਲ ਪਿਆ ਤਾਂ ਤੂੰ ਉਸ ਕ਼ੋਲੋਂ ਮੰਗਦੀ ਅਤੇ ਉਹ ਤੈਨੂੰ ਅੰਮ੍ਰਿਤ ਜਲ ਦਿੰਦਾ ਯਿਸੂ ਨੇ ਉਹ ਨੂੰ ਉੱਤਰ ਦਿੱਤਾ ਕਿ ਹਰੇਕ ਜ਼ੋ ਇਹ ਜਲ ਪੀਂਦਾਂ ਹੈ ਸੋ ਫੇਰ ਤਿਹਾਇਆ ਹ਼ੋਵੇਗਾ ਪਰ ਜ਼ੋ ਕ਼ੋਈ ਮੇਰਾ ਦਿੱਤਾ ਹ਼ੋਇਆ ਜਲ ਪੀਏਗਾ ਸੋ ਸਦੀਪਕਾਲ ਤੀਕੁ ਕਦੇ ਤਿਹਾਇਆ ਨਾ ਹੋਵੇਗਾ ਬਲਕਿ ਉਹ ਜਲ ਜੋ ਮੈਂ ਉਹ ਨੂੰ ਦਿਆਗਾਂ ਉਹ ਦੇ ਵਿੱਚ਼ ਜਲ ਦਾ ਇੱਕ ਸ਼ਮਾ ਬਣ ਜਾਵੇਗਾ ਜੋ ਅਨੰਤ ਜੀਵਨ ਤੀਕੁਰ ਉੱਛਲਦਾ ਰਹੇਗਾ।

ਯੂਹੰਨਾ 4:5–10, 13–14

ਪਿਛਲੇ ਦਿਨ ਜਿਹੜਾ ਤਿਉਹਾਰ ਦਾ ਵੱਡਾ ਦਿਨ ਸੀ ਯਿਸੂ ਖੜਾ ਹੋਇਆ ਅਤੇ ਇਹ ਕਹਿ ਕੇ ਉੱਚੀ ਬ਼ਲਿਆ ਭਈ ਜੇ ਕੋਈ ਤਿਹਾਇਆ ਹੋਵੇ ਤਾਂ ਮੇਰੇ ਕੋਲ ਆਵੇ ਅਤੇ ਪੀਵੇ ! ਜਿਹੜਾ ਮੇਰੇ ਉੱਤੇ ਵਿਸ਼ਵਾਸ ਕਰੇਗਾ, ਜਿਸ ਪ੍ਰਕਾਰ ਪਵਿੱਤਰ ਸ਼ਾਸਤਰ ਵਿੱਚ ਲਿਖਿਆ ਹੈ ਉਸ ਦੇ ਹਿਰਦੇ ਵਿੱਚੋ ਜੀਵਨ ਦੇ ਜਲ ਦੀਆਂ ਨਦੀਆਂ ਬਹਿਣਗੀਆਂ ਉਸ ਨੇ ਇਹ ਵਚਨ ਉਸ ਆਤਮਾ ਦੇ ਵਿਖੇ ਆਖੇ, ਜਿਸ ਉੱਤੇ ਵਿਸ਼ਵਾਸ ਕਰਕੇ ਪਾਉਣ ਵਾਲੇ ਸੀ। ਯੂਹੰਨਾ 7:37, 39

# ਯਿਸੂ ਦ੍ਰਿਸ਼ਟਾਂਤਾਂ ਦੁਆਰਾ ਸਿਖਾਉਂਦਾ ਹੈ

ਸੋ ਹਰੇਕ ਜੋ ਮੇਰੇ ਏਹ ਬਚਨ ਸੁਣਦਾ ਅਤੇ ਉਨ੍ਹਾਂ ਉੱਤੇ ਚੱਲਦਾ ਹੈ ਉਹ ਉਸ ਬੁੱਧਵਾਨ ਵਰਗਾ ਜਾਣਿਆ ਜਾਵੇਗਾ ਜਿਹਨੇ ਪੱਥਰ ਉੱਤੇ ਆਪਣਾ ਘਰ ਬਣਾਇਆ। ਅਤੇ ਮੀਂਹ ਵਰ੍ਹਿਆ ਅਤੇ ਹੜ੍ਹ ਆਏ ਅਤੇ ਅਨ੍ਹੇਰੀਆਂ ਵਗੀਆਂ ਅਰ ਉਸ ਘਰ ਨੂੰ ਧੱਕਾ ਮਾਰਿਆ ਪਰ ਉਹ ਨਾ ਡਿੱਗਿਆ ਕਿਉਂਕਿ ਉਹਦੀ ਨਿਉਂ ਪੱਥਰ ਉੱਤੇ ਧਰੀ ਹੋਈ ਸੀ, ਅਤੇ ਹਰੇਕ ਜੋ ਮੇਰੇ ਏਹ ਬਚਨ ਸੁਣਦਾ ਅਤੇ ਉਨ੍ਹਾਂ ਉੱਤੇ ਨਹੀਂ ਚੱਲਦਾ ਉਹ ਉਸ ਮੂਰਖ ਵਰਗਾ ਠਹਿਰਾਇਆ ਜਾਵੇਗਾ ਜਿਹਨੇ ਆਪਣਾ ਘਰ ਰੇਤ ਉੱਤੇ ਬਣਾਇਆ ਅਤੇ ਮੀਂਹ ਵਰ੍ਹਿਆ ਅਤੇ ਹੜ੍ਹ ਆਏ ਅਤੇ ਅਨ੍ਹੇਰੀਆਂ ਵਗੀਆਂ ਅਰ ਉਸ ਘਰ ਨੂੰ ਧੱਕਾ ਮਾਰਿਆ ਅਤੇ ਉਹ ਢਹਿ ਪਿਆ ਅਤੇ ਉਹ ਦਾ ਵੱਡਾ ਨਾਸ ਹੋਇਆ। – ਮੱਤੀ 7:24-27

ਤੁਸਾਂ ਵਿੱਚੋਂ ਕਿਹੜਾ ਮਨੁੱਖ ਹੈ ਜਿਹਦੇ ਕੋਲ ਸੌ ਭੇਡਾਂ ਹੋਣ ਅਰ ਜੇ ਉਨ੍ਹਾਂ ਵਿੱਚੋਂ ਇੱਕ ਗੁਆਚ ਜਾਵੇ ਤਾਂ ਉਹ ਉਨ੍ਹਾਂ ਨੜਿੰਨਵਿਆਂ ਨੂੰ ਉਜਾੜ ਵਿੱਚ ਛੱਡ ਕੇ ਉਸ ਗੁਆਚੀ ਹੋਈ ਦੀ ਭਾਲ ਵਿੱਚ ਨਾ ਜਾਵੇ ਜਦ ਤਾਈਂ ਉਹ ਉਸ ਨੂੰ ਨਾ ਲੱਭੇ? ਅਰ ਜਾਂ ਲੱਭ ਪਵੇ ਤਾਂ ਉਹਨੂੰ ਖੁਸ਼ੀ ਨਾਲ ਆਪਣਿਆਂ ਮੋਢਿਆਂ ਉੱਤੇ ਰੱਖ ਲੈਂਦਾ, ਅਤੇ ਘਰ ਜਾ ਕੇ ਆਪਣੇ ਮਿੱਤ੍ਰਾਂ ਅਤੇ ਗੁਆਂਢੀਆਂ ਨੂੰ ਇਕੱਠੇ ਬੁਲਾਉਂਦਾ ਅਤੇ ਉਨ੍ਹਾਂ ਨੂੰ ਆਖਦਾ ਹੈ ਭਈ ਮੇਰੇ ਨਾਲ ਅਨੰਦ ਕਰੋ ਕਿਉਂ ਜੋ ਮੈਂ ਆਪਣੀ ਗੁਆਚੀ ਹੋਈ ਭੇਡ ਲੱਭੀ ਹੈ। ਮੈਂ ਤੁਹਾਨੂੰ ਆਖਦਾ ਹਾਂ ਜੋ ਇਸੇ ਤਰ੍ਹਾਂ ਸੁਰਗ ਵਿੱਚ ਇੱਕ ਤੋਬਾ ਕਰਨ ਵਾਲੇ ਪਾਪੀ ਦੇ ਕਾਰਨ ਨੜਿੰਨਵਿਆਂ ਧਰਮੀਆਂ ਨਾਲੋਂ ਜਿਨ੍ਹਾਂ ਨੂੰ ਤੋਬਾ ਕਰਨ ਦੀ ਲੋੜ ਨਹੀਂ ਬਹੁਤ ਖੁਸ਼ੀ ਹੋਵੇਗੀ। – ਲੂਕਾ 15:4-7

ਭੀੜ ਨੂੰ ਵੇਖ ਕੇ ਉਹ ਪਹਾੜ ਉੱਤੇ ਚੜ੍ਹ ਗਿਆ... ਅਤੇ ਉਸਨੇ ਆਪਣਾ ਮੂੰਹ ਖੋਲ੍ਹਿਆ ਅਤੇ ਉਨ੍ਹਾਂ ਨੂੰ ਇਹ ਉਪਦੇਸ਼ ਦੇਣ ਲੱਗਾ, "ਧੰਨ ਓਹ ਜਿਹੜੇ ਦਿਲ ਦੇ ਗ਼ਰੀਬ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ, ਧੰਨ ਓਹ ਜਿਹੜੇ ਸੋਗ ਕਰਦੇ ਹਨ ਕਿਉਂ ਜੋ ਓਹ ਸ਼ਾਂਤ ਕੀਤੇ ਜਾਣਗੇ। ਧੰਨ ਓਹ ਜਿਹੜੇ ਹਲੀਮ ਹਨ ਕਿਉਂ ਜੋ ਓਹ ਧਰਤੀ ਦੇ ਵਾਰਸ ਹੋਣਗੇ। ਧੰਨ ਓਹ ਜਿਹੜੇ ਧਰਮ ਦੇ ਭੁੱਖੇ ਤੇ ਤਿਹਾਏ ਹਨ ਕਿਉਂ ਜੋ ਓਹ ਰਜਾਏ ਜਾਣਗੇ। ਧੰਨ ਓਹ ਜਿਹੜੇ ਦਯਾਵਾਨ ਹਨ ਕਿਉਂ ਜੋ ਉਨ੍ਹਾਂ ਉੱਤੇ ਦਯਾ ਕੀਤੀ ਜਾਵੇਗੀ। ਧੰਨ ਓਹ ਜਿਹੜੇ ਸ਼ੁੱਧ ਮਨ ਹਨ ਕਿਉਂ ਜੋ ਓਹ ਪਰਮੇਸ਼ੁਰ ਨੂੰ ਵੇਖਣਗੇ। ਧੰਨ ਓਹ ਜਿਹੜੇ ਮੇਲ ਕਰਾਉਣ ਵਾਲੇ ਹਨ ਕਿਉਂ ਜੋ ਓਹ ਪਰਮੇਸ਼ੁਰ ਦੇ ਪੁੱਤ੍ਰ ਕਹਾਉਣਗੇ। ਧੰਨ ਓਹ ਜਿਹੜੇ ਧਰਮ ਦੇ ਕਾਰਨ ਸਤਾਏ ਗਏ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ। ਧੰਨ ਹੋ ਤੁਸੀਂ ਜਾਂ ਮਨੁੱਖ ਮੇਰੇ ਕਾਰਨ ਤੁਹਾਨੂੰ ਬੋਲੀਆਂ ਮਾਰਨਗੇ ਅਤੇ ਸਤਾਉਣਗੇ ਅਤੇ ਹਰੇਕ ਬੁਰੀ ਗੱਲ ਤੁਹਾਡੇ ਉੱਤੇ ਝੂਠ ਮੂਠ ਲਾਉਣਗੇ। ਅਨੰਦ ਹੋਵੋ ਅਤੇ ਖੁਸ਼ੀ ਕਰੋ ਕਿਉਂ ਜੋ ਤੁਹਾਡਾ ਫਲ ਸੁਰਗ ਵਿੱਚ ਬਹੁਤ ਹੈ।

- ਮੱਤੀ 5:1-12 ੳ

ਧੰਨ ਹੋਣਗੇ ਓਹ ਜਿਹੜੇ ਪਰਮੇਸ਼ੁਰ ਦਾ ਬਚਨ ਸੁਣਦੇ ਅਤੇ ਉਸਨੂੰ ਮੰਨਦੇ ਹਨ।

- ਲੂਕਾ 11:28 ਅ

ਧੰਨ ਓਹ ਜਿਨ੍ਹਾਂ ਨਹੀਂ ਵੇਖਿਆ ਤਾਂ ਵੀ ਪਰਤੀਤ ਕਰਦੇ ਹਨ। - ਯੂਹੰਨਾ 20:29 ਅ

ਅਤੇ ਧੰਨ ਉਹ ਹੈ ਜੋ ਮੇਰੇ ਕਾਰਨ ਠੋਕਰ ਨਾ ਖਾਵੇ। - ਲੂਕਾ 7:23

# ਯਿਸੂ ਪ੍ਰਾਰਥਨਾ ਬਾਰੇ ਸਿਖਾਉਂਦਾ ਹੈ

ਜੋ ਸਦਾ ਪ੍ਰਾਰਥਨਾ ਵਿੱਚ ਲੱਗਿਆ ਰਹਿਣਾ ਅਤੇ ਸੁਸਤੀ ਨਹੀਂ ਕਰਨੀ ਚਾਹੀਦੀ।

– ਲੂਕਾ 18:1 ਅ

ਕਿ ਦੋ ਮਨੁੱਖ ਪ੍ਰਾਰਥਨਾ ਕਰਨ ਲਈ ਹੈਕਲ ਵਿੱਚ ਗਏ, ਇੱਕ ਫ਼ਰੀਸੀ ਅਤੇ ਦੂਆ ਮਸੂਲੀਆ। ਫ਼ਰੀਸੀ ਨੇ ਖਲੋ ਕੇ ਆਪਣੇ ਜੀ ਵਿੱਚ ਇਉਂ ਪ੍ਰਾਰਥਨਾ ਕੀਤੀ ਕਿ ਹੇ ਪਰਮੇਸ਼ੁਰ ਮੈਂ ਤੇਰਾ ਸ਼ੁਕਰ ਕਰਦਾ ਹਾਂ ਭਈ ਮੈਂ ਹੋਰਨਾਂ ਵਾਂਙੁ ਨਹੀਂ ਹਾਂ ਜੋ ਲੁਟੇਰੇ, ਕੁਧਰਮੀ ਅਤੇ ਜ਼ਨਾਹਕਾਰ ਹਨ ਅਤੇ ਨਾ ਇਸ ਮਸੂਲੀਏ ਵਰਗਾ ਹਾਂ। ਮੈਂ ਸਾਤੇ ਵਿੱਚ ਦੋ ਵਾਰੀ ਵਰਤ ਰੱਖਦਾ ਹਾਂ ਅਤੇ ਆਪਣੀ ਸਾਰੀ ਕਮਾਈ ਵਿੱਚੋਂ ਦਸੌਂਧ ਦਿੰਦਾ ਹਾਂ। ਪਰ ਉਸ ਮਸੂਲੀਏ ਨੇ ਕੁਝ ਫ਼ਰਕ ਨਾਲ ਖੜੋ ਕੇ ਐੱਨਾ ਵੀ ਨਾ ਚਾਹਿਆ ਜੋ ਆਪਣੀਆਂ ਅੱਖੀਆਂ ਅਕਾਸ਼ ਦੀ ਵੱਲ ਚੁੱਕੇ ਸਗੋਂ ਆਪਣੀ ਛਾਤੀ ਪਿੱਟਦਾ ਅਤੇ ਏਹ ਕਹਿੰਦਾ ਸੀ ਕਿ ਹੇ ਪਰਮੇਸ਼ੁਰ ਮੈਂ ਪਾਪੀ ਉੱਤੇ ਦਯਾ ਕਰ। ਮੈਂ ਤੁਹਾਨੂੰ ਆਖਦਾ ਹਾਂ ਜੋ ਉਹ ਨਹੀਂ ਪਰ ਇਹ ਧਰਮੀ ਠਹਿਰ ਕੇ ਆਪਣੇ ਘਰ ਗਿਆ ਕਿਉਂਕਿ ਹਰੇਕ ਜੋ ਆਪਣੇ ਆਪ ਨੂੰ ਉੱਚਾ ਕਰਦਾ ਹੈ ਸੋ ਨੀਵਾਂ ਕੀਤਾ ਜਾਵੇਗਾ ਪਰ ਜੋ ਆਪ ਨੂੰ ਨੀਵਾਂ ਕਰਦਾ ਹੈ ਸੋ ਉੱਚਾ ਕੀਤਾ ਜਾਵੇਗਾ।

– ਲੂਕਾ 18:10-14

ਜੇ ਤੁਹਾਡੇ ਵਿੱਚੋਂ ਦੋ ਜਣੇ ਧਰਤੀ ਉੱਤੇ ਕਿਸੇ ਕੰਮ ਲਈ ਮਿਲ ਕੇ ਬੇਨਤੀ ਕਰਨ ਤਾਂ ਮੇਰੇ ਪਿਤਾ ਵੱਲੋਂ ਜਿਹੜਾ ਸੁਰਗ ਵਿੱਚ ਹੈ ਉਨ੍ਹਾਂ ਲਈ ਕੀਤਾ ਜਾਵੇਗਾ। ਕਿਉਂਕਿ ਜਿੱਥੇ ਦੋ ਯਾ ਤਿੰਨ ਮੇਰੇ ਨਾਮ ਉੱਤੇ ਇਕੱਠੇ ਹੋਣ ਉੱਥੇ ਮੈਂ ਉਨ੍ਹਾਂ ਦੇ ਵਿਚਕਾਰ ਹਾਂ।

– ਮੱਤੀ 18:19 ਅ-20

# ਯਿਸੂ ਚੇਲੇ ਬਣਨ ਬਾਰੇ ਸਿਖਾਉਂਦਾ ਹੈ

ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਕਿਹਾ, ਜੇ ਕੋਈ ਮੇਰੇ ਪਿੱਛੇ ਆਉਣਾ ਚਾਹੇ ਤਾਂ ਆਪਣੇ ਆਪ ਦਾ ਇਨਕਾਰ ਕਰੇ ਅਤੇ ਆਪਣੀ ਸਲੀਬ ਚੁੱਕ ਕੇ ਮੇਰੇ ਪਿੱਛੇ ਚੱਲੇ। ਕਿਉਂਕਿ ਜਿਹੜਾ ਆਪਣੀ ਜਾਨ ਬਚਾਉਣੀ ਚਾਹੇ ਉਹ ਉਸ ਨੂੰ ਗੁਆ ਦੇਵੇਗਾ ਪਰ ਜਿਹੜਾ ਮੇਰੇ ਲਈ ਆਪਣੀ ਜਾਨ ਗੁਆਏ ਉਹ ਉਸਨੂੰ ਲੱਭ ਲਵੇਗਾ। ਕਿਉਂਕਿ ਮਨੁੱਖ ਨੂੰ ਕੀ ਲਾਭ ਜੇ ਸਾਰੇ ਜਗਤ ਨੂੰ ਕੁਮਾਵੇ ਪਰ ਆਪਣੀ ਜਾਨ ਦਾ ਨੁਕਸਾਨ ਕਰੇ? - ਮੱਤੀ 16:24-26 ੳ

ਸੋ ਇਸੇ ਤਰ੍ਹਾਂ ਤੁਹਾਡੇ ਵਿੱਚੋਂ ਹਰੇਕ ਜੋ ਆਪਣਾ ਸਭ ਕੁਝ ਨਾ ਤਿਆਗੇ ਉਹ ਮੇਰਾ ਚੇਲਾ ਨਹੀਂ ਹੋ ਸੱਕਦਾ। - ਲੂਕਾ 14:33

ਜੇ ਤੁਸੀਂ ਮੈਨੂੰ ਪਿਆਰ ਕਰਦੇ ਹੋ ਤਾਂ ਮੇਰੇ ਹੁਕਮਾਂ ਦੀ ਪਾਲਨਾ ਕਰੋਗੇ। - ਯੂਹੰਨਾ 14:15

ਮੇਰਾ ਹੁਕਮ ਇਹ ਹੈ ਭਈ ਤੁਸੀਂ ਇੱਕ ਦੂਏ ਨਾਲ ਪਿਆਰ ਕਰੋ ਜਿਵੇਂ ਮੈਂ ਤੁਹਾਡੇ ਨਾਲ ਪਿਆਰ ਕੀਤਾ। - ਯੂਹੰਨਾ 15:12

ਜੇ ਤੁਸੀਂ ਆਪੋ ਵਿੱਚ ਪ੍ਰੇਮ ਰੱਖੋ ਤਾਂ ਇਸੇ ਤੋਂ ਸਭ ਜਾਣਨਗੇ ਭਈ ਤੁਸੀਂ ਮੇਰੇ ਚੇਲੇ ਹੋ।

- ਯੂਹੰਨਾ 13:35

ਤਾਂ ਯਿਸੂ ਨੇ ਉਨ੍ਹਾਂ ਯਹੂਦੀਆਂ ਨੂੰ ਜਿਨ੍ਹਾਂ ਉਹ ਦੀ ਪਰਤੀਤ ਕੀਤੀ ਸੀ ਆਖਿਆ, "ਜੇ ਤੁਸੀਂ ਮੇਰੇ ਬਚਨ ਤੇ ਖਲੋਤੇ ਰਹੋ ਤਾਂ ਠੀਕ ਤੁਸੀਂ ਮੇਰੇ ਚੇਲੇ ਹੋ।"

- ਯੂਹੰਨਾ 8:31

ਮੇਰੇ ਪਿਤਾ ਦੀ ਵਡਿਆਈ ਇਸੇ ਤੋਂ ਹੁੰਦੀ ਹੈ ਜੋ ਤੁਸੀਂ ਬਹੁਤਾ ਫਲ ਦਿਓ ਅਰ "ਇਉਂ ਤੁਸੀਂ ਮੇਰੇ ਚੇਲੇ ਹੋਵੋਗੇ।" - ਯੂਹੰਨਾ 15:8

# ਯਿਸੂ ਨਰਕ ਅਤੇ ਸਵਰਗ ਬਾਰੇ ਸਿਖਾਉਂਦਾ ਹੈ

ਨਾ ਹਰੇਕ ਜਿਹੜਾ ਮੈਨੂੰ ਪ੍ਰਭੂ ! ਪ੍ਰਭੂ ! ਕਹਿੰਦਾ ਹੈ ਸੁਰਗ ਦੇ ਰਾਜ ਵਿੱਚ ਵੜੇਗਾ ਬਲਕਣ ਉਹੋ ਜੋ ਮੇਰੇ ਸੁਰਗੀ ਪਿਤਾ ਦੀ ਮਰਜੀ ਉੱਤੇ ਚੱਲਦਾ ਹੈ।

– ਮੱਤੀ 7:21

ਭਈ ਜੇ ਤੁਸੀਂ ਨਾ ਮੁੜੋ ਅਤੇ ਛੋਟਿਆਂ ਬਾਲਕਾਂ ਵਾਂਙੁ ਨਾ ਬਣੋ ਤਾਂ ਸੁਰਗ ਦੇ ਰਾਜ ਵਿੱਚ ਕਦੀ ਨਾ ਵੜੋਗੇ। – ਮੱਤੀ 18:3 ਅ

ਭੀੜੇ ਫਾਟਕ ਤੋਂ ਵੜੋ ਕਿਉਂ ਜੋ ਮੋਕਲਾ ਹੈ ਉਹ ਫਾਟਕ ਅਤੇ ਖੁੱਲ੍ਹਾ ਹੈ ਉਹ ਰਾਜ ਜਿਹੜਾ ਨਾਸ ਨੂੰ ਜਾਂਦਾ ਹੈ ਅਰ ਬਹੁਤੇ ਹਨ ਜਿਹੜੇ ਉਸ ਤੋਂ ਜਾਂਦੇ ਹਨ। ਅਤੇ ਭੀੜਾ ਹੈ ਉਹ ਫਾਟਕ ਅਤੇ ਸੌੜਾ ਹੈ ਉਹ ਰਾਹ ਜਿਹੜਾ ਜੀਉਣ ਨੂੰ ਜਾਂਦਾ ਹੈ ਅਤੇ ਜੋ ਉਸ ਨੂੰ ਲੱਭਦੇ ਹਨ ਸੋ ਵਿਰਲੇ ਹਨ।

– ਮੱਤੀ 7:13-14

ਸੋ ਜੁਗ ਦੇ ਅੰਤ ਦੇ ਸਮੇਂ ਅਜਿਹਾ ਹੀ ਹੋਵੇਗਾ। ਦੂਤ ਨਿੱਕਲ ਆਉਣਗੇ ਅਤੇ ਧਰਮੀਆਂ ਵਿੱਚੋਂ ਦੁਸ਼ਟਾਂ ਨੂੰ ਅੱਡ ਕਰਨਗੇ। ਅਰ ਇਨ੍ਹਾਂ ਨੂੰ ਭਖਦੇ ਭੱਠੇ ਵਿੱਚ ਸੁੱਟ ਦੇਣਗੇ। ਉੱਥੇ ਰੋਣਾ ਅਰ ਕਚੀਚੀਆਂ ਵੱਟਣਾ ਹੋਵੇਗਾ।

– ਮੱਤੀ 13:49-50

ਤੁਹਾਡਾ ਦਿਲ ਨਾ ਘਬਰਾਵੇਂ। ਪਰਮੇਸ਼ੁਰ ਉੱਤੇ ਨਿਹਚਾ ਕਰੋ ਅਰ ਮੇਰੇ ਉੱਤੇ ਵੀ ਨਿਹਚਾ ਕਰੋ। ਮੇਰੇ ਪਿਤਾ ਦੇ ਘਰ ਵਿੱਚ ਬਹੁਤ ਸਾਰੇ ਨਿਵਾਸ ਹਨ ਨਹੀਂ ਤਾਂ ਮੈਂ ਤੁਹਾਨੂੰ ਕਹਿੰਦਾ ਕਿਉਂ ਜੋ ਮੈਂ ਤੁਹਾਡੇ ਲਈ ਜਗ੍ਹਾ ਤਿਆਰ ਕਰਨ ਜਾਂਦਾ ਹਾਂ। ਅਰ ਜੇ ਮੈਂ ਜਾ ਕੇ ਤੁਹਾਡੇ ਲਈ ਜਗ੍ਹਾ ਤਿਆਰ ਕਰਾਂ ਤਾਂ ਫੇਰ ਆਣ ਕੇ ਤੁਹਾਨੂੰ ਆਪਣੇ ਕੋਲ ਲੈ ਲਵਾਂਗਾ ਭਈ ਜਿੱਥੇ ਮੈਂ ਹਾਂ ਤੁਸੀਂ ਭੀ ਹੋਵੋ। – ਯੂਹੰਨਾ 14:1-3

# ਯਿਸੂ ਸਾਨੂੰ ਦੱਸਦਾ ਹੈ ਕਿ ਉਹ ਕੌਣ ਹੈ

ਉਹ ਜੀਉਂਦੀ ਰੋਟੀ ਜੋ ਸੁਰਗੋਂ ਉਤਰੀ ਸੋ ਮੈਂ ਹਾਂ। ਜੇ ਕੋਈ ਇਸ ਰੋਟੀਓਂ ਕੁਝ ਖਾਵੇ ਤਾਂ ਉਹ ਸਦਾ ਤੀਕੁ ਜੀਉਂਦਾ ਰਹੇਗਾ ਅਤੇ ਜੋ ਰੋਟੀ ਮੈਂ ਦਿਆਂਗਾ ਸੋ ਮੇਰਾ ਮਾਸ ਹੈ ਜਿਹੜਾ ਜਗਤ ਦੇ ਜੀਉਣ ਲਈ ਮੈਂ ਦਿਆਂਗਾ। – ਯੂਹੰਨਾ 6:51

ਉਹ ਬੂਹਾ ਮੈਂ ਹਾਂ। ਮੇਰੇ ਥਾਣੀਂ ਜੇ ਕੋਈ ਵੜੇ ਤਾਂ ਉਹ ਬਚਾਇਆ ਜਾਵੇਗਾ ਅਤੇ ਅੰਦਰ ਬਾਹਰ ਆਇਆ ਜਾਇਆ ਕਰੇਗਾ ਅਤੇ ਚਾਰਾ ਪਾਵੇਗਾ। ਅੱਛਾ ਅਯਾਲੀ ਮੈਂ ਹਾਂ। ਅੱਛਾ ਅਯਾਲੀ ਭੇਡਾਂ ਲਈ ਆਪਣੀ ਜਾਨ ਦਿੰਦਾ ਹੈ। – ਯੂਹੰਨਾ 10:9, 11

ਰਾਹ ਅਤੇ ਸਚਿਆਈ ਅਤੇ ਜੀਉਣ ਮੈਂ ਹਾਂ। ਕੋਈ ਮੇਰੇ ਵਸੀਲੇ ਬਿਨਾ ਪਿਤਾ ਦੇ ਕੋਲ ਨਹੀਂ ਆਉਂਦਾ। – ਯੂਹੰਨਾ 14:6 ਅ

ਜਗਤ ਦਾ ਚਾਨਣ ਮੈਂ ਹਾਂ। ਜਿਹੜਾ ਮੇਰੇ ਪਿੱਛੇ ਤੁਰਦਾ ਹੈ ਅਨ੍ਹੇਰੇ ਵਿੱਚ ਕਦੇ ਨਾ ਚੱਲੇਗਾ ਸਗੋਂ ਉਹ ਦੇ ਕੋਲ ਜੀਉਣ ਦਾ ਚਾਨਣ ਹੋਵੇਗਾ।
– ਯੂਹੰਨਾ 8:12 ਅ

ਕਿਆਮਤ ਅਤੇ ਜੀਉਣ ਮੈਂ ਹਾਂ। ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਭਾਵੇਂ ਉਹ ਮਰ ਜਾਏ ਤਾਂ ਵੀ ਜੀਵੇਗਾ। – ਯੂਹੰਨਾ 11:25 ਅ

ਤੁਸੀਂ ਮੈਨੂੰ ਗੁਰੂ ਅਤੇ ਪ੍ਰਭੂ ਕਰਕੇ ਬੁਲਾਉਂਦੇ ਹੋ ਅਰ ਠੀਕ ਆਖਦੇ ਹੋ ਕਿਉਂ ਜੋ ਮੈਂ ਹਾਂ।
– ਯੂਹੰਨਾ 13:13

ਤਦ ਉਨ੍ਹਾਂ ਸਭਨਾਂ ਆਖਿਆ, ਭਲਾ, ਫੇਰ ਤੂੰ ਪਰਮੇਸ਼ੁਰ ਦਾ ਪੁੱਤ੍ਰ ਹੈਂ? ਉਸ ਨੇ ਉਨ੍ਹਾਂ ਨੂੰ ਆਖਿਆ, ਸਤ ਬਚਨ, ਮੈਂ ਉਹੋ ਹਾਂ। – ਲੂਕਾ 22:70

# ਯਿਸੂ ਨੂੰ ਰੋਗਾਂ ਉੱਪਰ ਅਧਿਕਾਰ ਹੈ

ਅਤੇ ਵੇਖੋ ਇੱਕ ਕੋੜ੍ਹੀ ਨੇ ਕੋਲ ਆਣ ਕੇ ਉਸ ਅੱਗੇ ਮੱਥਾ ਟੇਕਿਆ ਅਤੇ ਕਿਹਾ, ਪ੍ਰਭੂ ਜੀ ਜੇ ਤੂੰ ਚਾਹੇਂ ਤਾਂ ਮੈਨੂੰ ਸ਼ੁੱਧ ਕਰ ਸੱਕਦਾ ਹੈਂ। ਤਾਂ ਉਸ ਨੇ ਹੱਥ ਲੰਮਾ ਕਰਕੇ ਉਹ ਨੂੰ ਛੋਹਿਆ ਅਤੇ ਆਖਿਆ, ਮੈਂ ਚਾਹੁੰਦਾ ਹਾਂ, ਤੂੰ ਸ਼ੁੱਧ ਹੋ ਜਾਹ ਅਤੇ ਉਸੇ ਵੇਲੇ ਉਹ ਦਾ ਕੋੜ੍ਹ ਜਾਂਦਾ ਰਿਹਾ। – ਮੱਤੀ 8:2-3

ਅਰ ਵੇਖੋ ਇੱਕ ਤੀਵੀਂ ਸੀ ਜਿਹ ਨੂੰ ਅਠਾਰਾਂ ਵਰਿਹਾਂ ਤੋਂ ਮਾਂਦਗੀ ਦਾ ਆਤਮਾ ਚਿੰਬੜਿਆ ਹੋਇਆ ਸੀ ਅਤੇ ਉਹ ਕੁੱਬੀ ਹੈਸੀ ਅਰ ਕਿਸੇ ਤਰ੍ਹਾਂ ਸਿੱਧੀ ਨਹੀਂ ਸੀ ਹੋ ਸੱਕਦੀ। ਯਿਸੂ ਨੇ ਉਹਨੂੰ ਵੇਖ ਕੇ ਕੋਲ ਸੱਦਿਆ ਅਰ ਉਹਨੂੰ ਕਿਹਾ, ਹੇ ਤ੍ਰੀਮਤ ਤੂੰ ਆਪਣੀ ਮਾਂਦਗੀ ਤੋਂ ਛੁੱਟ ਗਈ ਹੈਂ। ਅਤੇ ਉਸ ਉੱਤੇ ਹੱਥ ਰੱਖੇ ਤਾਂ ਓਵੇਂ ਉਹ ਸਿੱਧੀ ਹੋ ਗਈ ਅਰ ਪਰਮੇਸ਼ੁਰ ਦੀ ਵਡਿਆਈ ਕਰਨ ਲੱਗੀ।

– ਲੂਕਾ 13:11-13

ਅਤੇ ਬਹੁਤ ਟੋਲੀਆਂ ਲੰਙਿਆਂ, ਅੰਨ੍ਹਿਆਂ, ਗੂੰਗਿਆਂ, ਟੁੰਡਿਆਂ ਅਤੇ ਹੋਰ ਬਥੇਰਿਆਂ ਨੂੰ ਆਪਣੇ ਸੰਗ ਲੈ ਕੇ ਉਹ ਦੇ ਕੋਲ ਆਈਆਂ ਅਤੇ ਉਨ੍ਹਾਂ ਨੂੰ ਉਹਦੇ ਚਰਨਾਂ ਉੱਤੇ ਪਾਇਆ ਅਰ ਉਸਨੇ ਉਨ੍ਹਾਂ ਨੂੰ ਚੰਗਾ ਕੀਤਾ। – ਮੱਤੀ 15:30

ਅਤੇ ਸ਼ਮਊਨ ਦੀ ਸੱਸ ਤਾਪ ਨਾਲ ਪਈ ਸੀ ਤਾਂ ਉਨ੍ਹਾਂ ਨੇ ਝੱਟ ਉਸ ਨੂੰ ਉਹ ਦੀ ਖਬਰ ਕੀਤੀ ਅਰ ਉਹ ਕੋਲ ਆਇਆ ਅਤੇ ਉਹ ਨੂੰ ਹੱਥੋਂ ਫੜ ਕੇ ਉਠਾਲਿਆ ਤਾਂ ਉਹ ਦਾ ਤਾਪ ਲਹਿ ਗਿਆ ਅਤੇ ਉਹ ਨੇ ਉਨ੍ਹਾਂ ਦੀ ਖ਼ਾਤਰ ਕੀਤੀ।

– ਮਰਕੁਸ 1:30-31

# ਯਿਸੂ ਨੂੰ ਕੁਦਰਤ ਉੱਪਰ ਅਧਿਕਾਰ ਹੈ।

ਅਤੇ ਉਸ ਨੇ ਲੋਕਾਂ ਨੂੰ ਘਾਹ ਉੱਤੇ ਬੈਠਣ ਦਾ ਹੁਕਮ ਦਿੱਤਾ। ਤਦ ਉਨ੍ਹਾਂ ਪੰਜਾਂ ਰੋਟੀਆਂ ਅਤੇ ਦੋਹਾਂ ਮੱਛੀਆਂ ਨੂੰ ਲੈ ਲਿਆ ਅਰ ਅਕਾਸ਼ ਵੱਲ ਵੇਖ ਕੇ ਬਰਕਤ ਦਿੱਤੀ ਅਤੇ ਰੋਟੀਆਂ ਤੋੜ ਕੇ ਚੇਲਿਆਂ ਨੂੰ ਦਿੱਤੀਆਂ ਅਰ ਚੇਲਿਆਂ ਨੇ ਲੋਕਾਂ ਨੂੰ ਦਿੱਤੀਆਂ ਅਤੇ ਓਹ ਸੱਭੇ ਖਾ ਕੇ ਰੱਜ ਗਏ ਅਤੇ ਉਨ੍ਹਾਂ ਨੇ ਬਚਿਆ ਹੋਇਆਂ ਟੁਕੜਿਆਂ ਨਾਲ ਬਾਰਾਂ ਟੋਕਰੀਆਂ ਭਰੀਆਂ ਹੋਈਆਂ ਚੁੱਕ ਲਈਆਂ ਅਰ ਖਾਣ ਵਾਲੇ ਜਨਾਨੀਆਂ ਅਤੇ ਬਾਲਕਾਂ ਬਿਨਾਂ ਪੰਜ ਕੁ ਹਜ਼ਾਰ ਮਰਦ ਸਨ। – ਮੱਤੀ 14:19-21

ਅਤੇ ਰਾਤ ਦੇ ਚੌਥੇ ਪਹਿਰ ਉਹ ਝੀਲ ਦੇ ਉੱਤੋਂ ਦੀ ਉਨ੍ਹਾਂ ਵੱਲ ਤੁਰਦਾ ਹੋਇਆ ਆਇਆ ਅਤੇ ਜਾਂ ਚੇਲਿਆਂ ਨੇ ਉਹ ਨੂੰ ਝੀਲ ਤੇ ਤੁਰਦਿਆਂ ਵੇਖਿਆ ਤਾਂ ਡੈਂਬਰ ਕੇ ਆਖਣ ਲੱਗੇ, ਇਹ ਭੂਤਨਾ ਹੈ! ਅਤੇ ਡਰ ਕੇ ਡਡਿਆ ਉੱਠੇ। ਪਰ ਯਿਸੂ ਨੇ ਝੱਟ ਉਨ੍ਹਾਂ ਨੂੰ ਆਖਿਆ ਹੌਂਸਲਾ ਰੱਖੋ। ਮੈਂ ਹਾਂ, ਨਾ ਡਰੋ।

– ਮੱਤੀ 14:25-27

ਤਦ ਵੱਡੀ ਅਨ੍ਹੇਰੀ ਵਗੀ ਅਤੇ ਲਹਿਰਾਂ ਬੇੜੀ ਪੁਰ ਐਥੋਂ ਤੀਕਰ ਲੱਗ ਗਈਆਂ ਜੋ ਬੇੜੀ ਪਾਣੀ ਨਾਲ ਭਰ ਚੱਲੀ ਸੀ ... ਤਦ ਉਨ੍ਹਾਂ ਉਹ ਨੂੰ ਜਗਾਇਆ ਅਤੇ ਉਹ ਨੂੰ ਆਖਿਆ ਗੁਰੂ ਜੀ ਤੈਨੂੰ ਕੋਈ ਫ਼ਿਕਰ ਨਹੀਂ ਜੋ ਅਸੀਂ ਨਿਸ਼ਟ ਹੋ ਚੱਲੇ ਹਾਂ? ਤਦ ਉਹਨੇ ਉੱਠ ਕੇ ਪੌਣ ਨੂੰ ਦਬਕਾ ਦਿੱਤਾ ਅਤੇ ਝੀਲ ਨੂੰ ਕਿਹਾ, ਚੁੱਪ ਕਰ ਥੰਮ੍ਹ ਜਾਹ! ਤਾਂ ਪੌਣ ਥੰਮ੍ਹ ਗਈ ਅਤੇ ਵੱਡਾ ਚੈਨ ਹੋ ਗਿਆ।

– ਮਰਕੁਸ 4:37-39

# ਯਿਸੂ ਨੂੰ ਪਾਪ ਮਾਫ਼ ਕਰਨ ਦਾ ਅਧਿਕਾਰ ਹੈ

ਪਰ ਇਸ ਲਈ ਜੋ ਤੁਸੀਂ ਜਾਣੋ ਜੋ ਮਨੁੱਖ ਦੇ ਪੁੱਤ੍ਰ ਨੂੰ ਧਰਤੀ ਉੱਤੇ ਪਾਪ ਮਾਫ਼ ਕਰਨ ਦਾ ਇਖ਼ਤਿਆਰ ਹੈ ਤਦ ਉਸ ਨੇ ਅਧਰੰਗੀ ਨੂੰ ਕਿਹਾ, ਉੱਠ ਆਪਣੀ ਮੰਜੀ ਚੁੱਕ ਕੇ ਘਰ ਚੱਲਿਆ ਜਾਹ। ਤਾਂ ਉਹ ਉੱਠ ਕੇ ਆਪਣੇ ਘਰ ਨੂੰ ਤੁਰ ਗਿਆ।

– ਮੱਤੀ 9:6-7

ਫੇਰ ਓਨ ਉਸ ਤੀਵੀਂ ਨੂੰ ਆਖਿਆ ਤੇਰੇ ਪਾਪ ਮਾਫ਼ ਕੀਤੇ ਗਏ ਅਤੇ ਜਿਹੜੇ ਉਹ ਦੇ ਨਾਲ ਖਾਣ ਬੈਠੇ ਸਨ ਆਪਣੇ ਮਨ ਵਿੱਚ ਕਹਿਣ ਲੱਗੇ ਭਈ ਇਹ ਕੌਣ ਹੈ ਜੋ ਪਾਪ ਭੀ ਮਾਫ਼ ਕਰਦਾ ਹੈ?

– ਲੂਕਾ 7:48-49

ਸੋ ਹੇ ਭਾਈਓ, ਇਹ ਜਾਣੋ ਕਿ ਓਸੇ ਦੇ ਵਸੀਲੇ ਨਾਲ ਤੁਹਾਨੂੰ ਪਾਪਾਂ ਦੀ ਮਾਫ਼ੀ ਦੀ ਖ਼ਬਰ ਦਿੱਤੀ ਜਾਂਦੀ ਹੈ ਅਤੇ ਉਸੇ ਦੇ ਰਾਹੀਂ ਹਰੇਕ ਜਿਹੜਾ ਨਿਹਚਾ ਕਰਦਾ ਹੈ ਉਨ੍ਹਾਂ ਸਭਨਾਂ ਗੱਲਾਂ ਤੋਂ ਬੇਗੁਨਾਹ ਠਹਿਰਾਇਆ ਜਾਂਦਾ ਹੈ ਜਿਨ੍ਹਾਂ ਤੋਂ ਤੁਸੀਂ ਮੂਸਾ ਦੀ ਸ਼ਰਾ ਨਾਲ ਬੇਗੁਨਾਹ ਨਾ ਠਹਿਰ ਸਕੇ।

– ਰਸੂਲਾਂ ਦੇ ਕਰਤੱਬ 13:38-39

ਜਿਹ ਦੇ ਵਿੱਚ ਉਸ ਦੇ ਲਹੂ ਦੇ ਦੁਆਰਾ ਸਾਨੂੰ ਨਿਸਤਾਰਾ ਅਰਥਾਤ ਅਪਰਾਧਾਂ ਦੀ ਮਾਫ਼ੀ ਉਹ ਦੀ ਕਿਰਪਾ ਦੇ ਧਨ ਅਨੁਸਾਰ ਮਿਲਦੀ ਹੈ।

– ਅਫ਼ਸੀਆਂ 1:7

ਜੇ ਅਸੀਂ ਆਪਣਿਆਂ ਪਾਪਾਂ ਦਾ ਇਕਰਾਰ ਕਰੀਏ ਤਾਂ ਉਹ ਵਫ਼ਾਦਾਰ ਅਤੇ ਧਰਮੀ ਹੈ ਭਈ ਸਾਡੇ ਪਾਪਾਂ ਨੂੰ ਮਾਫ਼ ਕਰੇ ਅਤੇ ਸਾਨੂੰ ਸਾਰੇ ਕੁਧਰਮ ਤੋਂ ਸ਼ੁੱਧ ਕਰੇ।

– 1 ਯੂਹੰਨਾ 1:9

# ਯਿਸੂ ਨੂੰ ਭ੍ਰਿਸ਼ਟ ਆਤਮਾਵਾਂ ਉੱਤੇ ਅਧਿਕਾਰ ਹੈ

ਸਮਾਜ ਵਿੱਚ ਇੱਕ ਮਨੁੱਖ ਸੀ ਜਿਹ ਨੂੰ ਭ੍ਰਿਸ਼ਟ ਭੂਤ ਦਾ ਆਤਮਾ ਚਿੰਬੜਿਆ ਹੋਇਆ ਸੀ ਅਤੇ ਉਹ ਉੱਚੀ ਅਵਾਜ਼ ਨਾਲ ਬੋਲਿਆ। ਹਾਏ ਯਿਸੂ ਨਾਸਰੀ! ਤੇਰਾ ਸਾਡੇ ਨਾਲ ਕੀ ਕੰਮ? ਕੀ ਤੂੰ ਸਾਡਾ ਨਾਸ ਕਰਨ ਆਇਆ ਹੈਂ? ਮੈਂ ਤੈਨੂੰ ਜਾਣਦਾ ਹਾਂ ਜੋ ਤੂੰ ਕੌਣ ਹੈਂ। ਤੂੰ ਪਰਮੇਸ਼ੁਰ ਦਾ ਪਵਿੱਤ੍ਰ ਪੁਰਖ ਹੈਂ। ਤਾਂ ਯਿਸੂ ਨੇ ਉਹ ਨੂੰ ਵਰਜ ਕੇ ਕਿਹਾ, ਚੁੱਪ ਕਰ ਅਤੇ ਇਸ ਵਿੱਚੋਂ ਨਿੱਕਲ ਜਾਹ। ਸੋ ਉਹ ਭੂਤ ਉਸ ਨੂੰ ਵਿਚਕਾਰ ਪਟਕ ਕੇ ਬਿਨਾ ਸੱਟ ਲਾਏ ਉਸ ਦੇ ਅੰਦਰੋਂ ਨਿੱਕਲ ਗਿਆ ਅਤੇ ਸਾਰੇ ਹੈਰਾਨ ਹੋਏ ਅਤੇ ਆਪਸ ਵਿੱਚ ਗੱਲਾਂ ਕਰ ਕੇ ਇੱਕ ਦੂਏ ਨੂੰ ਕਹਿਣ ਲੱਗੇ ਭਈ ਇਹ ਕੀ ਗੱਲ ਹੈ? ਕਿਉਂ ਜੋ ਉਹ ਇਖ਼ਤਿਆਰ ਅਤੇ ਸਮਰੱਥਾ ਨਾਲ ਭ੍ਰਿਸ਼ਟ ਆਤਮਿਆਂ ਨੂੰ ਹੁਕਮ ਕਰਦਾ ਹੈ ਅਤੇ ਓਹ ਨਿੱਕਲ ਜਾਂਦੇ ਹਨ!

– ਲੂਕਾ 4:33–36

ਉਹ ਅਜੇ ਆਉਂਦਾ ਹੀ ਸੀ ਕਿ ਭੂਤ ਨੇ ਉਹਨੂੰ ਪਟਕ ਦਿੱਤਾ ਅਤੇ ਵੱਡਾ ਮਰੋੜਿਆ ਪਰ ਯਿਸੂ ਨੇ ਉਸ ਭ੍ਰਿਸ਼ਟ ਆਤਮਾ ਨੂੰ ਝਿੜਕਿਆ ਅਤੇ ਬਾਲਕ ਨੂੰ ਚੰਗਾ ਕੀਤਾ ਅਰ ਉਹਨੂੰ ਉਹਦੇ ਪਿਉ ਨੂੰ ਸੌਂਪ ਦਿੱਤਾ ਅਰ ਸਭ ਪਰਮੇਸ਼ੁਰ ਦੀ ਮਹਾਨਤਾ ਤੋਂ ਹੈਰਾਨ ਹੋਏ।

– ਲੂਕਾ 9:42–43 ੳ

ਅਰਥਾਤ ਯਿਸੂ ਨਾਸਰੀ ਭਈ ਪਰਮੇਸ਼ੁਰ ਨੇ ਕਿਸ ਬਿਧ ਨਾਲ ਉਹਨੂੰ ਪਵਿੱਤ੍ਰ ਆਤਮਾ ਅਤੇ ਸਮਰੱਥਾ ਨਾਲ ਮਸਹ ਕੀਤਾ ਜੋ ਉਹ ਭਲਾ ਕਰਦਾ ਅਤੇ ਸਭਨਾਂ ਨੂੰ ਜੋ ਸ਼ਤਾਨ ਦੇ ਕਾਬੂ ਕੀਤੇ ਹੋਏ ਸਨ ਚੰਗਾ ਕਰਦਾ ਫਿਰਿਆ ਕਿਉਂ ਜੋ ਪਰਮੇਸ਼ੁਰ ਉਹਦੇ ਨਾਲ ਸੀ।

– ਰਸੂਲਾਂ ਦੇ ਕਰਤੱਬ 10:38 ਅ

# ਯਿਸੂ ਦੀ ਮੌਤ ਉੱਪਰ ਅਧਿਕਾਰ ਹੈ

ਯਿਸੂ ਨੇ ਆਖਿਆ, ਇਸ ਪੱਥਰ ਨੂੰ ਹਟਾ ਦਿਓ। ਉਸ ਮੁਰਦੇ ਦੀ ਭੈਣ ਮਾਰਥਾ ਨੇ ਉਸ ਨੂੰ ਆਖਿਆ, ਪ੍ਰਭੂ ਜੀ ਉਸ ਕੋਲੋਂ ਤਾਂ ਹੁਣ ਸੜਿਹਾਨ ਆਉਂਦੀ ਹੈ ਕਿਉਂ ਜੋ ਉਹ ਨੂੰ ਚਾਰ ਦਿਨ ਹੋਏ ਹਨ। ਯਿਸੂ ਨੇ ਉਹ ਨੂੰ ਕਿਹਾ, ਕੀ ਮੈਂ ਤੈਨੂੰ ਨਹੀਂ ਆਖਿਆ ਭਈ ਜੇ ਤੂੰ ਪਰਤੀਤ ਕਰੇਂ ਤਾਂ ਪਰਮੇਸ਼ੁਰ ਦੀ ਵਡਿਆਈ ਵੇਖੇਂਗੀ?... ਇਹ ਕਹਿ ਕੇ ਉੱਚੀ ਅਵਾਜ਼ ਮਾਰੀ ਕਿ ਲਾਜ਼ਰ, ਬਾਹਰ ਆ! ਉਹ ਜਿਹੜਾ ਮੋਇਆ ਹੋਇਆ ਸੀ ਕਫ਼ਨ ਨਾਲ ਹੱਥ ਪੈਰ ਬੱਧੇ ਹੋਏ ਬਾਹਰ ਨਿੱਕਲ ਆਇਆ... ਯਿਸੂ ਨੇ ਉਨ੍ਹਾਂ ਨੂੰ ਆਖਿਆ, ਉਹ ਨੂੰ ਖੋਲ੍ਹੋ ਅਤੇ ਜਾਣ ਦਿਓ। – ਯੂਹੰਨਾ 11:39-40, 43-44

ਵੇਖੋ ਇੱਕ ਸਰਦਾਰ ਨੇ ਆਣ ਕੇ ਉਹਦੇ ਅੱਗੇ ਮੱਥਾ ਟੇਕਿਆ ਅਤੇ ਆਖਿਆ, ਮੇਰੀ ਬੇਟੀ ਹੁਣੇ ਮਰੀ ਹੈ ਪਰ ਤੂੰ ਆਣ ਕੇ ਆਪਣਾ ਹੱਥ ਉਸ ਉੱਤੇ ਰੱਖ ਤਾਂ ਉਹ ਜੀ ਪਵੇਗੀ। ਜਾਂ ਭੀੜ ਬਾਹਰ ਕੱਢੀ ਗਈ ਤਾਂ ਉਸ ਨੇ ਅੰਦਰ ਜਾ ਕੇ ਉਹ ਦਾ ਹੱਥ ਫੜਿਆ ਅਤੇ ਕੁੜੀ ਉੱਠੀ।

– ਮੱਤੀ 9:18 ਅ, 25

ਅਤੇ ਜਿਸ ਵੇਲੇ ਉਹ ਨਗਰ ਦੇ ਫਾਟਕ ਦੇ ਨੇੜੇ ਆ ਪੁੱਜਿਆ ਤਾਂ ਵੇਖੋ ਇੱਕ ਮੁਰਦੇ ਨੂੰ ਬਾਹਰ ਲਈ ਜਾਂਦੇ ਸਨ ਜੋ ਆਪਣੀ ਮਾਂ ਦਾ ਇੱਕੋ ਹੀ ਪੁੱਤ੍ਰ ਸੀ ਅਤੇ ਉਹ ਵਿਧਵਾ ਸੀ ... ਪ੍ਰਭੂ ਨੇ ਉਸ ਨੂੰ ਵੇਖ ਕੇ ਉਸ ਦੇ ਉੱਤੇ ਤਰਸ ਖਾਧਾ ਅਤੇ ਉਸ ਨੂੰ ਆਖਿਆ, ਨਾ ਰੋ।ਅਰ ਨੇੜੇ ਆਣ ਕੇ ਸਿੜ੍ਹੀ ਨੂੰ ਛੋਹਿਆ ਅਰ ਚੁੱਕਣ ਵਾਲੇ ਖਲੋ ਗਏ। ਤਦ ਉਹਨੇ ਕਿਹਾ ਹੇ ਜੁਆਨ ਮੈਂ ਤੈਨੂੰ ਆਖਦਾ ਹਾਂ, ਉੱਠ! ਤਾਂ ਉਹ ਮੁਰਦਾ ਉੱਠ ਬੈਠਾ ਅਤੇ ਬੋਲਣ ਲੱਗ ਪਿਆ।

– ਲੂਕਾ 7:12-15 ੳ

# ਯਿਸੂ ਦੀ ਸੇਵਕਾਈ ਨੂੰ ਪ੍ਰਤੀਕਿਰਿਆ

ਆਪਣੇ ਚੇਲਿਆਂ ਨੂੰ ਇਹ ਕਹਿ ਕੇ ਪੁੱਛਿਆ ਜੋ ਲੋਕ ਮਨੁੱਖ ਦੇ ਪੁੱਤ੍ਰ ਨੂੰ ਕੀ ਆਖਦੇ ਹਨ? ਓਹ ਬੋਲੇ, ਕਈ ਤਾਂ ਯੂਹੰਨਾ ਬਪਤਿਸਮਾ ਦੇਣ ਵਾਲਾ ਕਹਿੰਦੇ ਹਨ ਅਤੇ ਕਈ ਏਲੀਯਾਹ ਅਤੇ ਕਈ ਯਿਰਮਿਯਾਹ ਯਾ ਨਬੀਆਂ ਵਿੱਚੋਂ ਕੋਈ। ਉਸ ਨੇ ਉਨ੍ਹਾਂ ਨੂੰ ਕਿਹਾ, ਪਰ ਤੁਸੀਂ ਮੈਨੂੰ ਕੀ ਕਹਿੰਦੇ ਹੋ ਜੋ ਮੈਂ ਕੌਣ ਹਾਂ? ਸ਼ਮਊਨ ਪਤਰਸ ਨੇ ਉੱਤਰ ਦਿੱਤਾ, ਤੂੰ ਮਸੀਹ ਜੀਉਂਦੇ ਪਰਮੇਸ਼ੁਰ ਦਾ ਪੁੱਤ੍ਰ ਹੈਂ। ਯਿਸੂ ਨੇ ਉਹਨੂੰ ਉੱਤਰ ਦਿੱਤਾ, ਧੰਨ ਹੈਂ ਤੂੰ ਸ਼ਮਊਨ ਬਰ-ਯੋਨਾਹ ਕਿਉਂ ਜੋ ਸਰੀਰ ਅਤੇ ਲਹੂ ਨੇ ਨਹੀਂ ਸਗੋਂ ਮੇਰੇ ਪਿਤਾ ਨੇ ਜਿਹੜਾ ਸੁਰਗ ਵਿੱਚ ਹੈ ਇਹ ਗੱਲ ਤੇਰੇ ਉੱਤੇ ਪਰਗਟ ਕੀਤੀ।

- ਮੱਤੀ 16:13 ਅ-17

ਅਰ ਬਹੁਤੇ ਉਨ੍ਹਾਂ ਵਿੱਚੋਂ ਬੋਲੇ ਭਈ ਉਹ ਨੂੰ ਭੂਤ ਚਿੰਬੜਿਆ ਹੋਇਆ ਹੈ ਅਤੇ ਉਹ ਕਮਲਾ ਹੈ। ਕਾਹਨੂੰ ਤੁਸੀਂ ਉਹ ਦੀ ਸੁਣਦੇ ਹੋ? ਹੋਰਨਾਂ ਆਖਿਆ, ਏਹ ਗੱਲਾਂ ਭੂਤ ਦੇ ਗ੍ਰਿਸੇ ਹੋਏ ਦੀਆਂ ਨਹੀਂ ਹਨ। ਭੂਤ ਭਲਾ, ਅੰਨ੍ਹੇ ਦੀਆਂ ਅੱਖਾਂ ਖੋਲ੍ਹ ਸੱਕਦਾ ਹੈ

- ਯੂਹੰਨਾ 10:20-21

ਤਦੋਂ ਬਥੇਰਿਆਂ ਨੇ ਉਨ੍ਹਾਂ ਯਹੂਦੀਆਂ ਵਿੱਚੋਂ ... ਯਿਸੂ ਨੇ ਕੀਤਾ ਵੇਖ ਕੇ ਉਸ ਉੱਤੇ ਨਿਹਚਾ ਕੀਤੀ। ਪਰ ਉਨ੍ਹਾਂ ਵਿੱਚੋਂ ਕਈਆਂ ਨੇ ਫ਼ਰੀਸੀਆਂ ਦੇ ਕੋਲ ਜਾ ਕੇ ਓਹ ਕੰਮ ਜਿਹੜੇ ਯਿਸੂ ਨੇ ਕੀਤੇ ਸਨ ਦੱਸ ਦਿੱਤੇ। ਸੋ ਉਨ੍ਹਾਂ ਨੇ ਉਸੇ ਦਿਨ ਤੋਂ ਮਤਾ ਪਕਾਇਆ ਭਈ ਉਸ ਨੂੰ ਜਾਨੋਂ ਮਾਰਨ।

- ਯੂਹੰਨਾ 11:45-46, 53

ਭਈ ਉਨ੍ਹਾਂ ਧਿਗਾਨੇ ਮੇਰੇ ਨਾਲ ਵੈਰ ਕੀਤਾ।

- ਯੂਹੰਨਾ 15:25 ੳ

# ਯਿਸੂ ਆਪਣੇ ਫੜਵਾਏ ਜਾਣ ਅਤੇ ਮੌਤ ਬਾਰੇ ਦੱਸਦਾ ਹੈ

ਫੇਰ ਉਹ ਉਨ੍ਹਾਂ ਨੂੰ ਸਿਖਾਲਣ ਲੱਗਾ ਭਈ ਜ਼ਰੂਰ ਹੈ ਜੋ ਮਨੁੱਖ ਦਾ ਪੁੱਤ੍ਰ ਬਹੁਤ ਦੁਖ ਝੱਲੇ ਅਤੇ ਬਜ਼ੁਰਗਾਂ ਅਤੇ ਪਰਧਾਨ ਜਾਜਕਾਂ ਅਰ ਗ੍ਰੰਥੀਆਂ ਥੀਂ ਰੱਦਿਆ ਜਾਏ ਅਰ ਜਾਨੋਂ ਮਾਰਿਆ ਜਾਏ ਅਤੇ ਤਿੰਨਾਂ ਦਿਨਾਂ ਪਿੱਛੋਂ ਜੀ ਉੱਠੇ। - ਮਰਕੁਸ 8:31

ਅਰ ਮੈਂ ਜੇ ਧਰਤੀ ਉੱਤੋਂ ਉੱਚਾ ਕੀਤਾ ਜਾਵਾਂ ਤਾਂ ਸਾਰਿਆਂ ਨੂੰ ਆਪਣੀ ਵੱਲ ਖਿੱਚਾਂਗਾ। ਉਸ ਨੇ ਇਹ ਆਖਿਆ ਭਈ ਪਤਾ ਦੇਵੇ ਜੋ ਉਹ ਨੇ ਆਪ ਕਿਹੜੀ ਮੌਤ ਨਾਲ ਮਰਨਾ ਸੀ।

- ਯੂਹੰਨਾ 12:32-33

ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਇਸ ਹੈਕਲ ਨੂੰ ਢਾਹ ਸੁੱਟੋ ਤਾਂ ਮੈਂ ਤਿੰਨਾਂ ਦਿਨਾਂ ਵਿੱਚ ਇਹਨੂੰ ਖੜਾ ਕਰ ਦਿਆਂਗਾ। ਤਦ ਯਹੂਦੀਆਂ ਨੇ ਕਿਹਾ, ਛਿਤਾਹਲੀਆਂ ਵਰਿਹਾਂ ਵਿੱਚ ਇਹ ਹੈਕਲ ਬਣੀ ਸੀ, ਫੇਰ ਕੀ ਤੂੰ ਇਹ ਨੂੰ ਤਿੰਨਾਂ ਦਿਨਾਂ ਵਿੱਚ ਖੜਾ ਕਰੇਂਗਾ? ਪਰ ਉਸਨੇ ਆਪਣੇ ਸਰੀਰ ਦੀ ਹੈਕਲ ਦੀ ਗੱਲ ਕਹੀ ਸੀ। ਸੋ ਜਾਂ ਉਹ ਮੁਰਦਿਆਂ ਵਿੱਚੋਂ ਜੀ ਉੱਠਿਆ ਤਾਂ ਉਸ ਦੇ ਚੇਲਿਆਂ ਨੂੰ ਚੇਤੇ ਆਇਆ ਜੋ ਉਸ ਨੇ ਇਹ ਆਖਿਆ ਸੀ।

- ਯੂਹੰਨਾ 2:19-22 ੳ

ਕਿਉਂਕਿ ਜਿਸ ਤਰ੍ਹਾਂ ਯੂਨਾਹ ਤਿੰਨ ਦਿਨ ਅਤੇ ਤਿੰਨ ਰਾਤ ਮੱਛੀ ਦੇ ਢਿੱਡ ਵਿੱਚ ਸੀ ਉਸੇ ਤਰ੍ਹਾਂ ਮਨੁੱਖ ਦਾ ਪੁੱਤ੍ਰ ਤਿੰਨ ਦਿਨ ਅਤੇ ਤਿੰਨ ਰਾਤ ਧਰਤੀ ਦੇ ਅੰਦਰ ਹੋਵੇਗਾ। - ਮੱਤੀ 12:40

ਪਰ ਮੈਂ ਆਪਣੇ ਜੀ ਉੱਠਣ ਦੇ ਪਿੱਛੋਂ ਤੁਹਾਥੋਂ ਅੱਗੇ ਗਲੀਲ ਨੂੰ ਜਾਵਾਂਗਾ। - ਮੱਤੀ 26:32

ਦੂਜੇ ਦਿਨ ਬਹੁਤ ਸਾਰੇ ਲੋਕ ਜੋ ਤਿਉਹਾਰ ਤੇ ਆਏ ਹਏ ਸਨ ਜਦ ਉਨ੍ਹਾਂ ਨੇ ਸੁਣਿਆ ਜੋ ਯਿਸੂ ਯਰੂਸ਼ਲਮ ਨੂੰ ਆਉਂਦਾ ਹੈ। ਖਜੂਰਾਂ ਦੀਆਂ ਟਹਿਣੀਆਂ ਲੈ ਕੇ ਉਹ ਦੇ ਮਿਲਣ ਨੂੰ ਨਿੱਕਲੇ ਅਤੇ ਉੱਚੀ ਦਿੱਤੀ ਬੋਲਣ ਲੱਗੇ ਹੋਸੰਨਾ ! ਧੰਨ ਉਹ ਜਿਹੜਾ ਪ੍ਰਭੂ ਦੇ ਨਾਮ ਉੱਤੇ ਆਉਂਦਾ ਹੈ ਅਤੇ ਇਸਰਾਏਲ ਦਾ ਪਾਤਸ਼ਾਹ ਹੈ ! ਅਤੇ ਯਿਸੂ ਨੇ ਇੱਕ ਗਧੀ ਦਾ ਬੱਚਾ ਪਾਇਆ ਅਤੇ ਉਸ ਉੱਤੇ ਸਵਾਰ ਹੋਇਆ, ਜਿਵੇਂ ਲਿਖਿਆ ਹੋਇਆ ਹੈ, ਸੀਯੋਨ ਦੀ ਬੇਟੀ ਨਾ ਡਰ, ਵੇਖ ਤੇਰਾ ਪਾਤਸ਼ਾਹ ਗਧੀ ਦੇ ਬੱਚੇ ਤੇ ਸਵਾਰ ਹੋ ਕੇ ਆਉਂਦਾ ਹੈ।

ਯੂਹੰਨਾ 12:12–15

*ਬਹੁਤ ਹੀ ਬੇਸਬਰੀ ਦੇ ਨਾਲ ਭੀੜ ਉਹਦਾ ਇੰਤਜਾਰ ਕਰਦੀ ਹੈ ।ਪ੍ਰੰਤੂ ਯਿਸੂ ਫਿਰ ਵੀ ਜਾਣਦਾ ਸੀ ਕਿ ਲੋਕਾਂ ਨੇ ਰਾਜਾ ਹੋਣ ਤੋਂ ਉਸਦਾ ਇਨਕਾਰ ਕਰਨਾ ਹੈ ।ਇਸ ਲਈ ਯਿਸੂ ਮਨ ਹੀ ਮਨ ਬਹੁਤ ਪਰੇਸ਼ਾਨ ਹੁੰਦਾ ਹੈ ਕਿ ਯਰੂਸ਼ਲਮ ਦਾ ਕੀ ਹੋਵੇਗਾ, ਜਿਸਨੇ ਉਸ ਤੇ ਵਿਸ਼ਵਾਸ ਨਹੀ ਕੀਤਾ ਕਿਉਂਕਿ ਯਿਸੂ ਯਰੂਸ਼ਲਮ ਨੂੰ ਸ਼ਾਂਤੀ ਦੇਣਾ ਚਾਹੁੰਦਾ ਸੀ।*

ਜਾਂ ਨੇੜੇ ਆਇਆ ਤਾਂ ਸ਼ਹਿਰ ਨੂੰ ਵੇਖ ਕੇ ਉਸ ਉੱਤੇ ਰੁਇਆ, ਅਤੇ ਆਖਿਆ, ਕਾਸ਼ ਕਿ ਤੂੰ ਅੱਜ ਸ਼ਾਂਤੀ ਦੀਆਂ ਗੱਲਾਂ ਜਾਣਦਾ ਪਰ ਹੁਣ ਓਹ ਤੇਰੀਆਂ ਅੱਖੀਆਂ ਤੋਂ ਲੁਕੀਆਂ ਹੋਈਆਂ ਹਨ ਕਿਉਂਕਿ ਓਹ ਦਿਨ ਤੇਰੇ ਉੱਤੇ ਆਉਣਗੇ ਜਾਂ ਤੇਰੇ ਵੈਰੀ ਤੇਰੇ ਗਿਰਦੇ ਮੋਰਚਾ ਬੰਨ੍ਹਣਗੇ ਅਤੇ ਤੈਨੂੰ ਘੇਰ ਲੈਣਗੇ ਅਤੇ ਚੁਫੇਰਿਓਂ ਤੈਨੂੰ ਰੋਕਣਗੇ ਅਰ ਤੇਰੇ ਬੱਚਿਆ ਸਣੇ ਜੋ ਤੇਰੇ ਵਿੱਚ ਹਨ ਤੈਨੂੰ ਧਰਤੀ ਉੱਤੇ ਪਟਕਾ ਦੇਣਗੇ ਅਰ ਤੇਰੇ ਵਿੱਚ ਪੱਥਰ ਉੱਤੇ ਪੱਥਰ ਨਾ ਛੱਡਣਗੇ ਇਸ ਲਈ ਜੋ ਤੈਂ ਆਪਣੀ ਭਲਿਆਈ ਦੇ ਮੋਕੇ ਨੂੰ ਨਾ ਜਾਣਿਆ।

ਲੂਕਾ 19:41–44

# ਯਿਸੂ ਪਸਾਹ ਦਾ ਲੇਲਾ ਹੈ

ਯਿਸੂ ਨੂੰ ਆਪਣੀ ਵੱਲ ਆਉਂਦਾ ਵੇਖ ਕੇ ਉਸਨੇ ਆਖਿਆ, ਵੇਖੋ ਪਰਮੇਸ਼ੁਰ ਦਾ ਲੇਲਾ ਜਿਹੜਾ ਜਗਤ ਦਾ ਪਾਪ ਚੁੱਕ ਲੈ ਜਾਂਦਾ ਹੈ।

– ਯੂਹੰਨਾ 1:29ਅ

ਪਤੀਰੀ ਰੋਟੀ ਦਾ ਦਿਨ ਆਇਆ ਜਿਸ ਵਿੱਚ ਪਸਾਹ ਦੇ ਲਈ ਬਲੀਦਾਨ ਕਰਨਾ ਸੀ ਅਤੇ ਉਸ ਨੇ ਪਤਰਸ ਅਤੇ ਯੂਹੰਨਾ ਨੂੰ ਇਹ ਕਹਿ ਕੇ ਘੱਲਿਆ ਭਈ ਜਾ ਕੇ ਸਾਡੇ ਲਈ ਪਸਾਹ ਤਿਆਰ ਕਰੋ ਤਾਂ ਅਸੀਂ ਖਾਈਏ, ਤਾਂ ਉਸ ਨੇ ਰੋਟੀ ਲਈ ਅਤੇ ਸ਼ੁਕਰ ਕਰ ਕੇ ਤੋੜੀ ਅਤੇ ਇਹ ਕਹਿ ਕੇ ਉਨ੍ਹਾਂ ਨੂੰ ਦਿੱਤੀ ਕਿ ਇਹ ਮੇਰਾ ਸਰੀਰ ਹੈ ਜੋ ਤੁਹਾਡੇ ਬਦਲੇ ਦਿੱਤਾ ਜਾਂਦਾ ਹੈ, ਮੇਰੀ ਯਾਦਗੀਰੀ ਲਈ ਇਹ ਕਰਿਆ ਕਰੋ ਅਤੇ ਖਾਣ ਦੇ ਪਿੱਛੋਂ ਇਸੇ ਤਰ੍ਹਾਂ ਉਸਨੇ ਪਿਆਲਾ ਦੇ ਕੇ ਕਿਹਾ ਕਿ ਇਹ ਪਿਆਲਾ ਮੇਰੇ ਲਹੂ ਵਿੱਚ ਜੋ ਤੁਹਾਡੇ ਲਈ ਵਹਾਇਆ ਜਾਂਦਾ ਹੈ ਨਵਾਂ ਨੇਮ ਹੈ।

– ਲੂਕਾ 22:7-8, 19; ਮਰਕੁਸ 14:23-24

ਕਿਉਂ ਜੋ ਸਾਡਾ ਪਸਾਹ ਦਾ ਲੇਲਾ ਅਰਥਾਤ ਮਸੀਹ ਬਲੀਦਾਨ ਹੋਇਆ

– 1 ਕੁਰਿੰਥੀਆਂ 5:7 ਅ

ਕਿਉਂ ਜੋ ਤੁਸੀਂ ਜਾਣਦੇ ਹੋ ਭਈ ਤੁਸੀਂ ਜੋ ਆਪਣੀ ਅਕਾਰਥ ਚਾਲ ਤੋਂ ਜਿਹੜੀ ਤੁਹਾਡੇ ਵੱਡਿਆਂ ਤੋਂ ਚਲੀ ਆਈ ਹੈ ਨਿਸਤਾਰਾ ਪਾਇਆ ਸੋ ਨਾਸਵਾਨ ਵਸਤਾਂ ਅਰਥਾਤ ਚਾਂਦੀ ਸੋਨੇ ਨਾਲ ਨਹੀਂ ਸਗੋਂ ਮਸੀਹ ਦੇ ਅਮੋਲਕ ਲਹੂ ਨਾਲ ਪਾਇਆ ਜਿਹੜਾ ਨਿਹਕਲੰਕ ਅਤੇ ਬੇਦਾਗ ਲੇਲੇ ਦੀ ਨਿਆਈਂ ਸੀ।

– 1 ਪਤਰਸ 1:18-19

ਯਹੂਦਾ ਇਸਕਰਿਯੋਤੀ ਜਿਹੜਾ ਉਨ੍ਹਾਂ ਬਾਰਾਂ ਵਿੱਚੋਂ ਇੱਕ ਸੀ ਪਰਧਾਨ ਜਾਜਕਾਂ ਕੋਲ ਚੱਲਿਆ ਗਿਆ ਭਈ ਉਸਨੂੰ ਉਨ੍ਹਾਂ ਦੇ ਹੱਥ ਫੜਵਾ ਦੇਵੇ ਅਤੇ ਓਹ ਸੁਣ ਕੇ ਅਨੰਦ ਹੋਏ ਅਰ ਉਸ ਨੂੰ ਰੁਪਏ ਦੇਣ ਦਾ ਕਰਾਰ ਕੀਤਾ। - ਮਰਕੁਸ 14:10-11 ਓ

ਤਦ ਯਿਸੂ ਉਨ੍ਹਾਂ ਦੇ ਨਾਲ ਗਥਸਮਨੀ ਨਾਸੇ ਇੱਕ ਥਾਂ ਆਇਆ ਅਤੇ ਆਪਣੇ ਚੇਲਿਆਂ ਨੂੰ ਕਿਹਾ, ਤੁਸੀਂ ਐਥੇ ਬੈਠੋ ਜਿੰਨਾ ਚਿਰ ਮੈਂ ਉੱਥੇ ਜਾ ਕੇ ਪ੍ਰਾਰਥਨਾ ਕਰਾਂ ਅਤੇ ਪਤਰਸ ਅਰ ਜ਼ਬਦੀ ਦੇ ਦੋਵੇਂ ਪੁੱਤ੍ਰਾਂ ਨੂੰ ਨਾਲ ਲੈ ਕੇ ਉਹ ਉਦਾਸ ਅਤੇ ਦਿਲਗੀਰ ਹੋਣ ਲੱਗਾ। ਅਰ ਥੋੜਾ ਅੱਗੇ ਵੱਧ ਕੇ ਮੂੰਹ ਭਾਰ ਪੈ ਗਿਆ ਅਤੇ ਪ੍ਰਾਰਥਨਾ ਕਰਦਿਆਂ ਆਖਿਆ, ਹੇ ਮੇਰੇ ਪਿਤਾ, ਜੇ ਹੋ ਸੱਕੇ ਤਾਂ ਇਹ ਪਿਆਲਾ ਮੈਥੋਂ ਟਲ ਜਾਵੇ ਪਰ ਉਹ ਨਾ ਹੋਵੇ ਜੋ ਮੈਂ ਚਾਹੁੰਦਾ ਹਾਂ ਪਰ ਉਹ ਜੋ ਤੂੰ ਚਾਹੁੰਦਾ ਹੈਂ।

- ਮੱਤੀ 26:36-37, 39

ਉਪਰੰਤ ਯਹੂਦਾ ਸਿਪਾਹੀਆਂ ਦਾ ਇੱਕ ਜੱਥਾ ਅਤੇ ਪਰਧਾਨ ਜਾਜਕਾਂ ਅਤੇ ਫ਼ਰੀਸੀਆਂ ਦੀ ਵੱਲੋਂ ਪਿਆਦੇ ਲੈ ਕੇ ਦੀਵਿਆਂ ਅਰ ਮਸਾਲਾਂ ਅਰ ਸ਼ਸਤਰਾਂ ਨਾਲ ਉੱਥੇ ਆਇਆ। ਉਪਰੰਤ ਸਿਪਾਹੀਆਂ ਨੇ ਅਤੇ ਫੌਜ ਦੇ ਸਰਦਾਰ ਅਤੇ ਯਹੂਦੀਆਂ ਦੇ ਪਿਆਦਿਆਂ ਨੇ ਯਿਸੂ ਨੂੰ ਫੜ ਕੇ ਬੰਨ੍ਹ ਲਿਆ। - ਯੂਹੰਨਾ 18:3, 12

ਤਦ ਪਰਧਾਨ ਜਾਜਕ ਅਤੇ ਸਾਰੀ ਮਹਾ ਸਭਾ ਨੇ ਯਿਸੂ ਦੇ ਵਿਰੁੱਧ ਉਹ ਨੂੰ ਜਾਨੋਂ ਮਾਰਨ ਲਈ ਗਵਾਹੀ ਢੂੰਡੀ ਪਰ ਨਾ ਲੱਭੀ ਬਹੁਤਿਆਂ ਨੇ ਉਹ ਦੇ ਵਿਰੁੱਧ ਝੂਠੀ ਗਵਾਹੀ ਤਾਂ ਦਿੱਤੀ ਪਰ ਉਨ੍ਹਾਂ ਦੀ ਗਵਾਹੀ ਇੱਕੋ ਜਹੀ ਨਾ ਸੀ।

- ਮਰਕੁਸ 14:55-56

# ਯਿਸੂ ਨੂੰ ਰੱਦ ਕੀਤਾ ਅਤੇ ਸਲੀਬ ਦਿੱਤਾ ਜਾਂਦਾ ਹੈ

ਜਾਂ ਸਵੇਰ ਹੋਈ ਤਾਂ ਸਾਰੇ ਪਰਧਾਨ ਜਾਜਕਾਂ ਅਤੇ ਲੋਕਾਂ ਦੇ ਬਜੁਰਗਾਂ ਨੇ ਯਿਸੂ ਦੇ ਵਿਰੁੱਧ ਮਤਾ ਪਕਾਇਆ ਜੋ ਉਹ ਨੂੰ ਜਾਨੋਂ ਮਾਰ ਸੁੱਟਣ ਅਤੇ ਉਹ ਨੂੰ ਬੰਨ੍ਹ ਕੇ ਲੈ ਗਏ ਅਰ ਪਿਲਾਤੁਸ ਹਾਕਮ ਦੇ ਹਵਾਲੇ ਕੀਤਾ। ਪਿਲਾਤੁਸ ਨੇ ਉਨ੍ਹਾਂ ਨੂੰ ਕਿਹਾ, ਫੇਰ ਯਿਸੂ ਨੂੰ ਜਿਹੜਾ ਮਸੀਹ ਕਹਾਉਂਦਾ ਹੈ ਮੈਂ ਕੀ ਕਰਾਂ? ਓਹ ਸਭ ਬੋਲੇ, ਸਲੀਬ ਦਿਓ!

- ਮੱਤੀ 27:1-2, 22

ਪਹਿਰ ਦਿਨ ਚੜ੍ਹਿਆ ਸੀ ਜਦ ਉਨ੍ਹਾਂ ਉਹਨੂੰ ਸਲੀਬ ਉੱਤੇ ਚੜ੍ਹਾਇਆ ਅਰ ਉਹ ਦੀ ਇਹ ਦੋਸ਼ ਪੱਤ੍ਰੀ ਉੱਪਰ ਲਿਖੀ ਹੋਈ ਸੀ, ਕਿ "ਯਹੂਦੀਆਂ ਦਾ ਪਾਤਸ਼ਾਹ" ਉਨ੍ਹਾਂ ਨੇ ਉਹ ਦੇ ਨਾਲ ਦੋ ਡਾਕੂਆਂ ਨੂੰ ਇੱਕ ਉਹਦੇ ਸੱਜੇ ਤੇ ਦੂਆ ਉਹ ਦੇ ਖੱਬੇ ਸਲੀਬ ਉੱਤੇ ਚੜ੍ਹਾਇਆ ...ਅਤੇ ਆਉਣ ਜਾਣ ਵਾਲੇ ਉਹ ਨੂੰ ਮਿਹਣਾ ਮਾਰਨ ਅਤੇ ਸਿਰ ਹਿਲਾ ਕੇ ਕਹਿਣ ਲੱਗੇ, ਵਾਹ ਤੂੰ ਜਿਹੜਾ ਹੈਕਲ ਨੂੰ ਢਾਹ ਕੇ ਤਿੰਨਾਂ ਦਿਨਾਂ ਵਿੱਚ ਬਣਾਉਂਦਾਂ ਸੈਂ ! ਸਲੀਬੋਂ ਉੱਤਰ ਕੇ ਆਪਣੇ ਆਪ ਨੂੰ ਬਚਾ ਲੈ, ਇਸੇ ਤਰਾਂ ਪਰਧਾਨ ਜਾਜਕਾਂ ਨੇ ਵੀ ਆਪੋ ਵਿੱਚ ...ਕਿਹਾ, ਇਸ ਨੇ ਹੋਰਨਾਂ ਨੂੰ ਬਚਾਇਆ, ਆਪਣੇ ਆਪ ਨੂੰ ਨਹੀਂ ਬਚਾ ਸੱਕਦਾ !

- ਮਰਕੁਸ 15:25-31

ਤਾਂ ਯਿਸੂ ਉੱਚੀ ਅਵਾਜ਼ ਨਾਲ ਚਿੱਲਾ ਕੇ ਆਖਿਆ ਕਿ ਹੇ ਪਿਤਾ ਮੈਂ ਆਪਣਾ ਆਤਮਾ ਤੇਰੇ ਹੱਥੀਂ ਸੌਂਪਦਾ ਹਾਂ, ਅਤੇ ਇਹ ਕਹਿ ਕੇ ਪ੍ਰਾਣ ਛੱਡ ਦਿੱਤੇ।

- ਲੂਕਾ 23:46

ਦੁਪਹਿਰਾਂ ਤੋਂ ਲੈ ਕੇ ਤੀਏ ਪਹਿਰ ਤੀਕਰ ਸਾਰੀ ਧਰਤੀ ਉੱਤੇ ਅਨ੍ਹੇਰਾ ਰਿਹਾ। ਯਿਸੂ ਨੇ ਫੇਰ ਉੱਚੀ ਅਵਾਜ਼ ਨਾਲ ਪੁਕਾਰ ਕੇ ਜਾਨ ਦੇ ਦਿੱਤੀ ...ਤੇ ਧਰਤੀ ਕੰਬੀ ਅਤੇ ਪੱਥਰ ਤਿੜਕ ਗਏ। ਸੂਬੇਦਾਰ ਅਰ ਜਿਹੜੇ ਉਹ ਦੇ ਨਾਲ ਯਿਸੂ ਦੀ ਰਾਖੀ ਕਰਦੇ ਸਨ ਭੁਚਾਲ ਅਤੇ ਸਾਰੀ ਵਾਰਤਾ ਵੇਖ ਕੇ ਬਹੁਤ ਡਰੇ ਅਤੇ ਬੋਲੇ, ਇਹ ਸੱਚਮੁੱਚ ਪਰਮੇਸ਼ੁਰ ਦਾ ਪੁੱਤ੍ਰ ਸੀ!

– ਮੱਤੀ 27:45, 50-51, 54

ਤਦ ਸਿਪਾਹੀਆਂ ਨੇ ਆਣ ਕੇ ਪਹਿਲੇ ਦੀਆਂ ਲੱਤਾਂ ਤੋੜੀਆਂ ਅਤੇ ਪਿੱਛੋਂ ਦੂਏ ਦੀਆਂ ਵੀ ਜਿਹੜਾ ਉਹ ਦੇ ਨਾਲ ਸਲੀਬ ਉੱਤੇ ਚੜ੍ਹਾਇਆ ਹੋਇਆ ਸੀ। ਪਰ ਯਿਸੂ ਦੇ ਕੋਲ ਆਣ ਕੇ ਜਾਂ ਉਨ੍ਹਾਂ ਵੇਖਿਆ ਜੋ ਉਹ ਮਰ ਚੁੱਕਿਆ ਹੈ ਤਾਂ ਉਹ ਦੀਆਂ ਲੱਤਾਂ ਨਾ ਤੋੜੀਆਂ ਪਰ ਸਿਪਾਹੀਆਂ ਵਿੱਚੋ ਇੱਕ ਨੇ ਬਰਛੀ ਨਾਲ ਉਹ ਦੀ ਵੱਖੀ ਵਿੰਨ੍ਹੀ ਅਤੇ ਓਵੇਂ ਹੀ ਲਹੂ ਅਤੇ ਪਾਣੀ ਨਿੱਕਲਿਆ। ਕਿਉਂਕਿ ਇਹ ਗੱਲਾਂ ਇਸ ਕਰਕੇ ਹੋਈਆਂ ਜੋ ਇਹ ਲਿਖਤ ਪੂਰੀ ਹੋਵੇ ਭਈ ਉਹਦੀ ਕੋਈ ਹੱਡੀ ਤੋੜੀ ਨਾ ਜਾਵੇਗੀ ਫੇਰ ਇਹ ਦੂਜੀ ਲਿਖਤ ਹੈ ਕਿ ਜਿਸ ਨੂੰ ਉਨ੍ਹਾਂ ਨੇ ਵਿੰਨ੍ਹਿਆ ਹੈ ਓਹ ਉਸ ਉੱਤੇ ਨਿਗਾਹ ਕਰਨਗੇ। – ਯੂਹੰਨਾ 19:32-37

ਪਰ ਤੁਸਾਂ...ਰ ਜੀਉਣ ਦੇ ਕਰਤਾ ਨੂੰ ਮਾਰ ਸੁੱਟਿਆ ਜਿਹ ਨੂੰ ਪਰਮੇਸ਼ੁਰ ਨੇ ਮੁਰਦਿਆਂ ਵਿੱਚੋਂ ਜਿਵਾਲਿਆ ਅਤੇ ਅਸੀਂ ਏਸ ਗੱਲ ਦੇ ਗਵਾਹ ਹਾਂ।

– ਰਸੂਲਾਂ ਦੇ ਕਰਤੱਬ 3:14-15

# ਯਿਸੂ ਦਫਨਾਇਆ ਜਾਂਦਾ ਹੈ ਪਰ ਤੀਸਰੇ ਦਿਨ ਜੀ ਉੱਠਦਾ ਹੈ

ਪਰਧਾਨ ਜਾਜਕ ਅਤੇ ਫ਼ਰੀਸੀ ਇਕੱਠੇ ਹੋ ਕੇ ਪਿਲਾਤੁਸ ਦੇ ਕੋਲ ਆਏ ਅਰ ਬੋਲੇ, ਮਹਾਰਾਜ, ਸਾਨੂੰ ਯਾਦ ਹੈ ਕਿ ਉਹ ਛਲੀਆ ਆਪਣੇ ਜੀਉਂਦੇ ਜੀ ਕਹਿ ਗਿਆ ਸੀ ਜੋ ਮੈਂ ਤਿੰਨਾਂ ਦਿਨਾਂ ਪਿੱਛੋਂ ਜੀ ਉੱਠਾਂਗਾ, ਇਸ ਲਈ ਹੁਕਮ ਕਰੋ ਜੋ ਤੀਏ ਦਿਨ ਤੀਕਰ ਕਬਰ ਦੀ ਰਾਖੀ ਕੀਤੀ ਜਾਏ, ਕਿਤੇ ਉਹਦੇ ਚੇਲੇ ਆਣ ਕੇ ਉਹ ਨੂੰ ਚੁਰਾ ਨਾ ਲੈ ਜਾਣ ਅਤੇ ਲੋਕਾਂ ਨੂੰ ਨਾ ਆਖਣ ਭਈ ਉਹ ਮੁਰਦਿਆਂ ਵਿੱਚੋਂ ਜੀ ਉੱਠਿਆ ਹੈ...। ਪਿਲਾਤੁਸ ਨੇ ਉਨ੍ਹਾਂ ਨੂੰ ਆਖਿਆ, ਪਹਿਰਾ ਤੁਹਾਡੇ ਕੋਲ ਹੈ। ਜਾਓ, ਜਿਸ ਤਰ੍ਹਾਂ ਸਮਝੋ ਉਹ ਦੀ ਰਾਖੀ ਕਰੋ, ਸੋ ਓਹ ਗਏ ... ਅਰ ਪਹਿਰੇ ਵਾਲਿਆਂ ਨਾਲ ਪੱਥਰ ਉੱਤੇ ਮੋਹਰ ਲਾ ਕੇ ਉਨ੍ਹਾਂ ਨੇ ਕਬਰ ਦੀ ਰਾਖੀ ਕਰਵਾਈ। – ਮੱਤੀ 27:62 ਅ-66

... ਤਾਂ ਹਫ਼ਤੇ ਦੇ ਪਹਿਲੇ ਦਿਨ ਪਹਿ ਫੁੱਟਣ ਦੇ ਵੇਲੇ ਮਰਿਯਮ ਮਗਦਲੀਨੀ ਅਤੇ ਦੂਈ ਮਰਿਯਮ ਕਬਰ ਨੂੰ ਵੇਖਣ ਆਈਆਂ। ਅਰ ਵੇਖੋ ਇੱਕ ਵੱਡਾ ਭੁਚਾਲ ਆਇਆ ਇਸ ਲਈ ਜੋ ਪ੍ਰਭੂ ਦਾ ਦੂਤ ਅਕਾਸ਼ੋਂ ਉੱਤਰਿਆ ਅਰ ਨੇੜੇ ਆਣ ਕੇ ਉਸ ਪੱਥਰ ਨੂੰ ਰੇੜ੍ਹ ਕੇ ਲਾਂਭੇ ਕਰ ਦਿੱਤਾ ਅਰ ਉਸ ਉੱਤੇ ਬਹਿ ਗਿਆ। ਉਹ ਦਾ ਰੂਪ ਬਿਜਲੀ ਵਰਗਾ ਅਰ ਉਹ ਦਾ ਬਸਤ੍ਰ ਬਰਫ਼ ਜਿਹਾ ਚਿੱਟਾ ਸੀ ਅਤੇ ਉਹ ਦੇ ਭੈ ਦੇ ਮਾਰੇ ਰਾਖੇ ਕੰਬ ਉੱਠੇ ਅਤੇ ਮੁਰਦਿਆਂ ਵਾਂਙੁ ਹੋ ਗਏ। ਪਰ ਦੂਤ ਨੇ ਅੱਗੋਂ ਤੀਵੀਆਂ ਨੂੰ ਕਿਹਾ, ਤੁਸੀਂ ਨਾ ਡਰੋ ਕਿਉਂਕਿ ਮੈਂ ਜਾਣਦਾ ਹਾਂ ਜੋ ਤੁਸੀਂ ਯਿਸੂ ਨੂੰ ਜਿਹੜਾ ਸਲੀਬ ਉੱਤੇ ਚੜ੍ਹਾਇਆ ਗਿਆ ਸੀ ਭਾਲਦੀਆਂ ਹੋ। ਉਹ ਐਥੇ ਹੈ ਨਹੀਂ ਕਿਉਂਕਿ ਜਿਵੇਂ ਉਸਨੇ ਕਿਹਾ ਸੀ ਉਹ ਜੀ ਉੱਠਿਆ ਹੈ। – ਮੱਤੀ 28:1-6ੳ

ਅਤੇ ਇਹ ਕਿ ਪੁਸਤਕਾਂ ਦੇ ਅਨੁਸਾਰ ਤੀਜੇ ਦਿਹਾੜੇ ਜੀ ਉੱਠਿਆ।
– 1 ਕੁਰਿੰਥੀਆਂ 15:4 ਅ

ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਉਹ ਨੂੰ ਫੇਰ ਲਵਾਂ। ਕੋਈ ਉਸ ਨੂੰ ਮੈਥੋਂ ਖੋਹੰਦਾ ਨਹੀਂ ਪਰ ਮੈਂ ਆਪੇ ਉਸ ਨੂੰ ਦਿੰਦਾ ਹਾਂ। ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਦੇਵਾਂ ਅਤੇ ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਫੇਰ ਲਵਾਂ। ਇਹ ਹੁਕਮ ਮੈਂ ਆਪਣੇ ਪਿਤਾ ਕੋਲੋਂ ਪਾਇਆ ਹੈ। – ਯੂਹੰਨਾ 10:17 ਅ–18

ਉਹ ਮੌਤ ਨੂੰ ਸਦਾ ਲਈ ਝੱਫ ਲਵੇਗਾ, ਅਤੇ ਪ੍ਰਭੂ ਯਹੋਵਾਹ ਸਾਰਿਆਂ ਮੂੰਹਾਂ ਤੋਂ ਅੰਝੂ ਪੂੰਝ ਸੁੱਟੇਗਾ।
– ਯਸਾਯਾਹ 25:8 ੳ

ਅਤੇ ਜੀਉਂਦਾ ਹਾਂ। ਮੈਂ ਮੁਰਦਾ ਸਾਂ ਅਰ ਵੇਖ, ਮੈਂ ਜੁੱਗੋ ਜੁੱਗ ਜੀਉਂਦਾ ਹਾਂ ਅਤੇ ਮੌਤ ਅਤੇ ਪਤਾਲ ਦੀਆਂ ਕੁੰਜੀਆਂ ਮੇਰੇ ਕੋਲ ਹਨ।
– ਪਰਕਾਸ਼ ਦੀ ਪੋਥੀ 1:18

ਹੇ ਮੌਤ, ਤੇਰੀ ਫਤਹ ਕਿੱਥੇ ਹੈ?
ਹੇ ਮੌਤ, ਤੇਰਾ ਡੰਗ ਕਿੱਥੇ ਹੈ?

ਪਰ ਧੰਨਵਾਦ ਹੈ ਪਰਮੇਸ਼ੁਰ ਦਾ ਜੋ ਸਾਨੂੰ ਸਾਡੇ ਪ੍ਰਭੂ ਯਿਸੂ ਮਸੀਹ ਦੇ ਰਾਹੀਂ ਫਤਹ ਬਖਸ਼ਦਾ ਹੈ।
– 1 ਕੁਰਿੰਥੀਆਂ 15:55, 57

ਇਹ ਨੂੰ ਅਚਰਜ ਨਾ ਜਾਣੋ ਕਿਉਂਕਿ ਉਹ ਘੜੀ ਆਉਂਦੀ ਹੈ ਜਿਹ ਦੇ ਵਿੱਚ ਓਹ ਸਭ ਜਿਹੜੇ ਕਬਰਾਂ ਵਿੱਚ ਹਨ ਉਹ ਦੀ ਅਵਾਜ਼ ਸੁਣਨਗੇ ਅਤੇ ਨਿੱਕਲ ਆਉਣਗੇ। ਜਿਨ੍ਹਾਂ ਨੇ ਭਲਿਆਈ ਕੀਤੀ ਹੈ ਸੋ ਜੀਉਣ ਦੀ ਕਿਆਮਤ ਲਈ ਅਰ ਜਿਨ੍ਹਾਂ ਨੇ ਬੁਰਿਆਈ ਕੀਤੀ ਹੈ ਉਹ ਨਿਆਉਂ ਦੀ ਕਿਆਮਤ ਲਈ । – ਯੂਹੰਨਾ 5:28–29

# ਜੀਉਣ ਦੇ ਬਾਅਦ ਯਿਸੂ ਚੇਲਿਆਂ ਨੂੰ ਦਰਸ਼ਨ ਦਿੰਦਾ ਹੈ

ਹਫ਼ਤੇ ਦੇ ਪਹਿਲੇ ਦਿਨ ਉਹ ਨੇ ਤੜਕੇ ਜੀ ਉੱਠ ਕੇ ਪਹਿਲਾਂ ਮਰਿਯਮ ਮਗਦਲੀਨੀ ਨੂੰ ਜਿਹ ਦੇ ਵਿੱਚੋਂ ਉਹ ਨੇ ਸੱਤ ਭੂਤ ਕੱਢੇ ਸਨ ਵਿਖਾਲੀ ਦਿੱਤੀ। ਇਹ ਦੇ ਪਿੱਛੋਂ ਉਹਨੇ ਹੋਰ ਰੂਪ ਵਿੱਚ ਹੋ ਕੇ ਉਨ੍ਹਾਂ ਵਿੱਚੋਂ ਦੋ ਜਣਿਆਂ ਨੂੰ ਜਾਂ ਓਹ ਚੱਲਦੇ ਅਤੇ ਪਿੰਡ ਦੀ ਵੱਲ ਤੁਰੇ ਜਾਂਦੇ ਸਨ ਵਿਖਾਲੀ ਦਿੱਤੀ। – ਮਰਕੁਸ 16:9, 12

ਫੇਰ ਉਸੇ ਦਿਨ ਜੋ ਹਫ਼ਤੇ ਦਾ ਪਹਿਲਾ ਦਿਨ ਸੀ ਜਾਂ ਸੰਝ ਹੋਈ ਤਾਂ ਜਿੱਥੇ ਓਹ ਚੇਲੇ ਸਨ ਅਰ ਯਹੂਦੀਆਂ ਦੇ ਡਰ ਦੇ ਮਾਰੇ ਬੂਹੇ ਵੱਜੇ ਹੋਏ ਸਨ ਯਿਸੂ ਆਇਆ ਅਤੇ ਵਿਚਕਾਰ ਖਲੋ ਕੇ ਉਨ੍ਹਾਂ ਨੂੰ ਆਖਿਆ, ਤੁਹਾਡੀ ਸ਼ਾਂਤੀ ਹੋਵੇ। ਇਹ ਕਹਿ ਕੇ ਉਨ ਆਪਣੇ ਹੱਥ ਅਰ ਵੱਖੀ ਉਨ੍ਹਾਂ ਨੂੰ ਵਿਖਾਲੀ। ਤਾਂ ਚੇਲੇ ਪ੍ਰਭੁ ਨੂੰ ਵੇਖ ਕੇ ਨਿਹਾਲ ਹੋਏ!

– ਯੂਹੰਨਾ 20:19–20

ਅਤੇ ਇਹ ਜੋ ਕੇਫ਼ਾਸ ਨੂੰ ਅਤੇ ਫੇਰ ਉਨ੍ਹਾਂ ਬਾਰਾਂ ਨੂੰ ਦਰਸ਼ਣ ਦਿੱਤਾ ਅਤੇ ਮਗਰੋਂ ਕੁਝ ਉੱਪਰ ਪੰਜ ਸੌ ਭਾਈਆਂ ਨੂੰ ਇੱਕੋ ਵਾਰੀ ਦਰਸ਼ਣ ਦਿੱਤਾ … ਪਿੱਛੋਂ ਯਾਕੂਬ ਨੂੰ ਦਰਸ਼ਣ ਦਿੱਤਾ ਅਤੇ ਫੇਰ ਸਭਨਾਂ ਰਸੂਲਾਂ ਨੂੰ। – ਕੁਰਿੰਥੀਆਂ 15:5ਅ–7

ਉਹ ਨੂੰ ਪਰਮੇਸ਼ੁਰ ਨੇ ਤੀਜੇ ਦਿਨ ਜਿਵਾਲਿਆ ਅਤੇ ਉਹ ਨੂੰ ਪਰਗਟ ਹੋਣ ਦਿੱਤਾ। ਸਭਨਾਂ ਲੋਕਾਂ ਉੱਤੇ ਨਹੀਂ ਪਰ ਉਨ੍ਹਾਂ ਗਵਾਹਾਂ ਉੱਤੇ ਜਿਹੜੇ ਅੱਗਿਓਂ ਹੀ ਪਰਮੇਸ਼ੁਰ ਦੇ ਚੁਣੇ ਹੋਏ ਸਨ ਅਰਥਾਤ ਸਾਡੇ ਉੱਤੇ ਜਿਨ੍ਹਾਂ ਉਹ ਦੇ ਮੁਰਦਿਆਂ ਵਿੱਚੋਂ ਜੀ ਉੱਠਣ ਦੇ ਪਿੱਛੋਂ ਉਹ ਦੇ ਨਾਲ ਖਾਧਾ ਪੀਤਾ। – ਰਸੂਲਾਂ ਦੇ ਕਰਤੱਬ 10:40–41

ਤਦ ਯਿਸੂ ਨੇ ਫੇਰ ਉਨ੍ਹਾਂ ਨੂੰ ਆਖਿਆ, ਤੁਹਾਡੀ ਸ਼ਾਂਤੀ ਹੋਵੇ। ਜਿਵੇਂ ਪਿਤਾ ਨੇ ਮੈਨੂੰ ਘੱਲਿਆ ਹੈ ਤਿਵੇਂ ਮੈਂ ਵੀ ਤੁਹਾਨੂੰ ਘੱਲਦਾ ਹਾਂ ਉਸਨੇ ਇਹ ਕਹਿ ਕੇ ਉਨ੍ਹਾਂ ਉੱਤੇ ਫੂਕ ਮਾਰੀ ਅਤੇ ਕਿਹਾ, ਤੁਸੀਂ ਪਵਿੱਤ੍ਰ ਆਤਮਾ ਲਓ। - ਯੂਹੰਨਾ 20:21-22 ਅ

ਅਕਾਸ਼ ਅਤੇ ਧਰਤੀ ਦਾ ਸਾਰਾ ਇਖ਼ਤਿਆਰ ਮੈਨੂੰ ਦਿੱਤਾ ਗਿਆ ਹੈ। ਇਸ ਲਈ ਤੁਸੀਂ ਜਾ ਕੇ ਸਾਰੀਆਂ ਕੌਮਾਂ ਨੂੰ ਚੇਲੇ ਬਣਾਓ ਅਤੇ ਉਨ੍ਹਾਂ ਨੂੰ ਪਿਤਾ ਅਤੇ ਪੁੱਤ੍ਰ ਅਤੇ ਪਵਿੱਤ੍ਰ ਆਤਮਾ ਦੇ ਨਾਮ ਵਿੱਚ ਬਪਤਿਸਮਾ ਦਿਓ ਅਰ ਉਨ੍ਹਾਂ ਨੂੰ ਸਿਖਾਓ ਭਈ ਉਨ੍ਹਾਂ ਸਾਰੀਆਂ ਗੱਲਾਂ ਦੀ ਪਾਲਨਾ ਕਰਨ ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੱਤਾ ਹੈ ਅਤੇ ਵੇਖੋ ਮੈਂ ਜੁਗ ਦੇ ਅੰਤ ਤੀਕਰ ਹਰ ਵੇਲੇ ਤੁਹਾਡੇ ਨਾਲ ਹਾਂ।

- ਮੱਤੀ 28:18ਅ-20

ਪਰ ਜਾਂ ਪਵਿੱਤ੍ਰ ਆਤਮਾ ਤੁਹਾਡੇ ਉੱਤੇ ਆਵੇਗਾ ਤਾਂ ਤੁਸੀਂ ਸ਼ਕਤੀ ਪਾਓਗੇ ਅਤੇ ਯਰੂਸ਼ਲਮ ਅਰ ਸਾਰੇ ਯਹੂਦਿਯਾ ਅਤੇ ਸਾਮਰਿਯਾ ਵਿੱਚ ਸਗੋਂ ਧਰਤੀ ਦੇ ਬੰਨੇ ਤੀਕੁਰ ਮੇਰੇ ਗਵਾਹ ਹੋਵੋਗੇ। ਅਰ ਜਾਂ ਉਹ ਏਹ ਗੱਲਾਂ ਕਹਿ ਹਟਿਆ ਤਾਂ ਉਨ੍ਹਾਂ ਦੇ ਵੇਖਦਿਆਂ ਵੇਖਦਿਆਂ ਉਹ ਉਤਾਹਾਂ ਉਠਾਇਆ ਗਿਆ ਅਤੇ ਬੱਦਲੀ ਨੇ ਉਸ ਨੂੰ ਉਨ੍ਹਾਂ ਦੀ ਨਜ਼ਰੋਂ ਓਹਲੇ ਕਰ ਦਿੱਤਾ। ਅਰ ਉਸ ਦੇ ਜਾਂਦਿਆਂ ਹੋਇਆਂ ਜਾਂ ਓਹ ਅਕਾਸ਼ ਦੀ ਵੱਲ ਤੱਕ ਰਹੇ ਸਨ ਵੇਖੋ ਦੋ ਜਣੇ ਚਿੱਟਾ ਪਹਿਰਾਵਾ ਪਹਿਨੀ ਉਨ੍ਹਾਂ ਦੇ ਕੋਲ ਖਲੋਤੇ ਸਨ।

- ਰਸੂਲਾਂ ਦੇ ਕਰਤੱਬ 1:8-10

#  ਯਿਸੂ ਦੇ ਵਾਇਦੇ ਦੇ ਅਨੁਸਾਰ ਪਵਿੱਤਰ ਆਤਮਾ ਆਉਂਦਾ ਹੈ

ਅਤੇ ਮੈਂ ਆਪਣੇ ਪਿਤਾ ਤੋਂ ਮੰਗਾਂਗਾ ਅਰ ਉਹ ਤੁਹਾਨੂੰ ਦੂਜਾ ਸਹਾਇਕ ਬਖ਼ਸ਼ੇਗਾ ਭਈ ਉਹ ਸਦਾ ਤੁਹਾਡੇ ਸੰਗ ਰਹੇ। ਅਰਥਾਤ ਸਚਿਆਈ ਦਾ ਆਤਮਾ ਜਿਹ ਨੂੰ ਜਗਤ ਨਹੀਂ ਪਾ ਸਕਦਾ ਕਿਉਂ ਜੋ ਉਹ ਉਸ ਨੂੰ ਵੇਖਦਾ ਨਹੀਂ, ਨਾ ਉਸ ਨੂੰ ਜਾਣਦਾ ਹੈ। ਤੁਸੀਂ ਉਸ ਨੂੰ ਜਾਣਦੇ ਹੋ ਕਿਉਂਕਿ ਉਹ ਤੁਹਾਡੇ ਸੰਗ ਰਹਿੰਦਾ ਹੈ ਅਤੇ ਤੁਹਾਡੇ ਵਿੱਚ ਹੋਵੇਗਾ। ਮੈਂ ਤੁਹਾਨੂੰ ਅਨਾਥ ਨਾ ਛੱਡਾਂਗਾ।

- ਯੂਹੰਨਾ 14:16-18

ਜਾਂ ਪੰਤੇਕੁਸਤ ਦਾ ਦਿਨ ਆਇਆ ਓਹ ਸਭ ਇੱਕ ਥਾਂ ਇਕੱਠੇ ਸਨ ਅਰ ਅਚਾਨਕ ਅਕਾਸ਼ ਤੋਂ ਇੱਕ ਗੂੰਜ ਆਈ ਜਿਹੀ ਵੱਡੀ ਭਾਰੀ ਅਨ੍ਹੇਰੀ ਦੇ ਵਗਣ ਦੀ ਹੁੰਦੀ ਹੈ ਅਤੇ ਉਸ ਨਾਲ ਸਾਰਾ ਘਰ ਜਿੱਥੇ ਓਹ ਬੈਠੇ ਸਨ ਭਰ ਗਿਆ ਅਰ ਉਨ੍ਹਾਂ ਨੂੰ ਅੱਗ ਜਹੀਆਂ ਜੀਭਾਂ ਵੱਖਰੀਆਂ ਵੱਖਰੀਆਂ ਹੁੰਦੀਆਂ ਵਿਖਾਈ ਦਿੱਤੀਆਂ ਅਤੇ ਓਹ ਉਨ੍ਹਾਂ ਵਿੱਚੋਂ ਹਰੇਕ ਉੱਤੇ ਠਹਿਰੀਆਂ। ਤਦ ਓਹ ਸੱਭੇ ਪਵਿੱਤ੍ਰ ਆਤਮਾ ਨਾਲ ਭਰ ਗਏ ਅਤੇ ਹੋਰ ਬੋਲੀਆਂ ਬੋਲਣ ਲੱਗ ਪਏ ਜਿਵੇਂ ਆਤਮਾ ਨੇ ਉਨ੍ਹਾਂ ਨੂੰ ਬੋਲਣ ਦਿੱਤਾ।

- ਰਸੂਲਾਂ ਦੇ ਕਰਤੱਬ 2:1-4

ਉਸੇ ਯਿਸੂ ਨੂੰ ਪਰਮੇਸ਼ੁਰ ਨੇ ਜੀਉਂਦਾ ਉਠਾਇਆ ਜਿਹ ਦੇ ਅਸੀਂ ਸੱਭੋ ਗਵਾਹ ਹਾਂ। ਸੋ ਪਰਮੇਸ਼ੁਰ ਦੇ ਸੱਜੇ ਹੱਥ ਕੋਲ ਅੱਤ ਉੱਚਾ ਹੋ ਕੇ ਅਰ ਪਿਤਾ ਤੋਂ ਪਵਿੱਤ੍ਰ ਆਤਮਾ ਦਾ ਕਰਾਰ ਪਾ ਕੇ ਉਸ ਨੇ ਇਹ ਜੋ ਤੁਸੀਂ ਵੇਖਦੇ ਅਤੇ ਸੁਣਦੇ ਹੋ ਵਹਾ ਦਿੱਤਾ।

- ਰਸੂਲਾਂ ਦੇ ਕਰਤੱਬ 2:32-33

ਤੁਸੀਂ ਮੇਰੇ ਵਿੱਚ ਰਹੋ ਅਤੇ ਮੈਂ ਤੁਹਾਡੇ ਵਿੱਚ। ਜਿਸ ਪਰਕਾਰ ਟਹਿਣੀ ਜੇ ਉਹ ਅੰਗੂਰ ਦੀ ਬੇਲ ਵਿੱਚ ਨਾ ਰਹੇ ਆਪਣੇ ਆਪ ਫਲ ਨਹੀਂ ਦੇ ਸੱਕਦੀ ਇਸੇ ਪਰਕਾਰ ਤੁਸੀਂ ਵੀ ਜੇ ਮੇਰੇ ਵਿੱਚ ਨਾ ਰਹੋ ਫਲ ਨਹੀਂ ਦੇ ਸੱਕਦੇ। ਅੰਗੂਰ ਦੀ ਬੇਲ ਮੈਂ ਹਾਂ ਤੁਸੀਂ ਟਹਿਣੀਆਂ ਹੋ। ਜੋ ਮੇਰੇ ਵਿੱਚ ਰਹਿੰਦਾ ਹੈ ਅਤੇ ਮੈਂ ਉਸ ਵਿੱਚ ਸੋਈ ਬਹੁਤਾ ਫਲ ਦਿੰਦਾ ਹੈ ਕਿਉਂ ਜੋ ਮੈਥੋਂ ਵੱਖਰੇ ਹੋ ਕੇ ਤੁਸੀਂ ਕੁਝ ਨਹੀਂ ਕਰ ਸੱਕਦੇ। – ਯੂਹੰਨਾ 15:4-5

ਅਤੇ ਜਿਹੜਾ ਉਹ ਦੇ ਹੁਕਮਾਂ ਦੀ ਪਾਲਨਾ ਕਰਦਾ ਹੈ ਇਹ ਉਹ ਦੇ ਵਿੱਚ ਅਤੇ ਉਹ ਇਹ ਦੇ ਵਿੱਚ ਰਹਿੰਦਾ ਹੈ। ਉਹ ਨੇ ਆਤਮਾ ਸਾਨੂੰ ਦਿੱਤਾ ਹੈ, ਇਸ ਤੋਂ ਅਸੀਂ ਜਾਣਦੇ ਹਾਂ ਭਈ ਉਹ ਸਾਡੇ ਵਿੱਚ ਰਹਿੰਦਾ ਹੈ। – 1 ਯੂਹੰਨਾ 3:24

ਮੈਂ ਮਸੀਹ ਦੇ ਨਾਲ ਸਲੀਬ ਦਿੱਤਾ ਗਿਆ ਹਾਂ ਪਰ ਹੁਣ ਤੋਂ ਮੈਂ ਤਾਂ ਨਹੀਂ ਜੀਉਂਦਾ ਸਗੋਂ ਮਸੀਹ ਮੇਰੇ ਵਿੱਚ ਜੀਉਂਦਾ ਹੈ ਅਤੇ ਹੁਣ ਜਿਹੜਾ ਜੀਵਨ ਸਰੀਰ ਵਿੱਚ ਭੋਗਦਾ ਹਾਂ ਸੋ ਪਰਮੇਸ਼ੁਰ ਦੇ ਪੁੱਤ੍ਰ ਉੱਤੇ ਨਿਹਚਾ ਨਾਲ ਭੋਗਦਾ ਹਾਂ ਜਿਹਨੇ ਮੇਰੇ ਨਾਲ ਪ੍ਰੇਮ ਕੀਤਾ ਅਤੇ ਆਪਣੇ ਆਪ ਨੂੰ ਮੇਰੇ ਲਈ ਦੇ ਦਿੱਤਾ। – ਗਲਾਤੀਆਂ 2:20

ਭਈ ਉਹ ਆਪਣੇ ਪਰਤਾਪ ... ਜੋ ਤੁਸੀਂ ਉਹ ਦੇ ਆਤਮਾ ਦੇ ਰਾਹੀਂ ਅੰਦਰਲੀ ਇਨਸਾਨੀਅਤ ਵਿੱਚ ਸਮਰੱਥਾ ਨਾਲ ਬਲਵੰਤ ਬਣੋ ਕਿ ਮਸੀਹ ਤੁਹਾਡਿਆਂ ਮਨਾਂ ਵਿੱਚ ਨਿਹਚਾ ਦੇ ਦੁਆਰਾ ਵੱਸੇ। – ਅਫ਼ਸੀਆਂ 3:16-17 ੴ

# ਯਿਸੂ ਵਡਿਆਈ ਦੇ ਯੋਗ ਹੈ

ਕਿਉਂ ਜੋ ਉਹਨੂੰ ਪਿਤਾ ਪਰਮੇਸ਼ੁਰ ਕੋਲੋਂ ਆਦਰ ਅਤੇ ਵਡਿਆਈ ਮਿਲੀ ਸੀ ਜਿਸ ਵੇਲੇ ਉਸ ਡਾਢੇ ਭੜਕ ਵਾਲੇ ਤੇਜ ਤੋਂ ਉਹਨੂੰ ਇਹ ਸ਼ਬਦ ਆਇਆ ਭਈ ਇਹ ਮੇਰਾ ਪਿਆਰਾ ਪੁੱਤ੍ਰ ਹੈ ਜਿਸ ਤੋਂ ਮੈਂ ਪਰਸੰਨ ਹਾਂ। ਅਤੇ ਇਹ ਸ਼ਬਦ ਅਸਾਂ ਜਿਸ ਵੇਲੇ ਪਵਿੱਤਰ ਪਹਾੜ ਉੱਤੇ ਉਹ ਦੇ ਨਾਲ ਸਾਂ ਤਾਂ ਅਕਾਸ਼ੋਂ ਆਉਂਦਾ ਸੁਣਿਆ।

– 2 ਪਤਰਸ 1:17-18

ਅਤੇ ਓਹਨਾਂ ਸ਼ਮਾਦਾਨਾਂ ਦੇ ਵਿਚਕਾਰ ਮਨੁੱਖ ਦੇ ਪੁੱਤ੍ਰ ਦੀ ਨਿਆਈਂ ਕੋਈ ਵੇਖਿਆ ਜਿਹੜਾ ਪੈਰਾਂ ਤੀਕ ਦਾ ਜਾਮਾ ਪਹਿਨੇ ਅਤੇ ਛਾਤੀ ਦੁਆਲੇ ਸੋਨੇ ਦੀ ਪੇਟੀ ਬੰਨ੍ਹੇ ਹੋਏ ਸੀ। ਉਹ ਦਾ ਸਿਰ ਅਤੇ ਵਾਲ ਚਿੱਟੀ ਉੱਨ ਦੀ ਨਿਆਈਂ ਚਿੱਟੇ ਸਗੋਂ ਬਰਫ ਦੇ ਸਮਾਨ ਸਨ ਅਤੇ ਉਹ ਦੀਆਂ ਅੱਖੀਆਂ ਅਗਨੀ ਦੀ ਲਾਟ ਵਰਗੀਆਂ ਸਨ ਅਤੇ ਉਹ ਦੇ ਪੈਰ ਖਾਲਸ ਪਿੱਤਲ ਦੀ ਨਿਆਈਂ ਸਨ ਭਈ ਜਾਣੀਦਾ ਉਹ ਭੱਠੀ ਵਿੱਚ ਤਾਇਆ ਹੋਇਆ ਹੈ ਅਤੇ ਉਹ ਦੀ ਅਵਾਜ਼ ਬਾਹਲੇ ਪਾਣੀਆਂ ਦੀ ਘੂਕ ਵਰਗੀ ਸੀ। ਉਹਨੇ ਆਪਣੇ ਸੱਜੇ ਹੱਥ ਵਿੱਚ ਸੱਤ ਤਾਰੇ ਲਏ ਹੋਏ ਸਨ ਅਤੇ ਉਹ ਦੇ ਮੂੰਹ ਵਿੱਚੋਂ ਇੱਕ ਦੁਧਾਰੀ ਤਿੱਖੀ ਤਲਵਾਰ ਨਿੱਕਲਦੀ ਸੀ ਅਤੇ ਉਹ ਦਾ ਮੁਖ ਅਜਿਹਾ ਸੀ ਜਿਵੇਂ ਸੂਰਜ ਆਪਣੇ ਡਾਢੇ ਤੇਜ ਨਾਲ ਚਮਕਦਾ ਹੈ। ਜਾਂ ਮੈਂ ਉਹ ਨੂੰ ਡਿੱਠਾ ਤਾਂ ਉਹ ਦੀ ਪੈਰੀਂ ਮੁਰਦੇ ਵਾਂਙੁ ਡਿੱਗ ਪਿਆ ਤਾਂ ਉਹਨੇ ਆਪਣਾ ਸੱਜਾ ਹੱਥ ਮੇਰੇ ਉੱਤੇ ਰੱਖਿਆ ਅਤੇ ਕਿਹਾ, ਨਾ ਡਰ। ਮੈਂ ਪਹਿਲਾ ਅਤੇ ਪਿਛਲਾ ਹਾਂ।

– ਪਰਕਾਸ਼ ਦੀ ਪੋਥੀ 1:13-17

ਤੇਰੇ ਉੱਤੇ ਮੈਨੂੰ ਇਹ ਗਿਲਾ ਹੈ ਭਈ ਤੂੰ ਆਪਣਾ ਪਹਿਲਾ ਪ੍ਰੇਮ ਛੱਡ ਬੈਠਾ ਹੈ। ਸੋ ਚੇਤੇ ਕਰ ਜੋ ਤੂੰ ਕਿੱਥੋਂ ਡਿੱਗਾ ਹੈਂ ਅਤੇ ਤੋਬਾ ਕਰ ਅਤੇ ਆਪਣੇ ਅਗਲੇ ਹੀ ਕੰਮ ਕਰ।

– ਪਰਕਾਸ਼ ਦੀ ਪੋਥੀ 2:4ਅ–5ੳ

ਜਿਹੜਾ ਜਿੱਤਣ ਵਾਲਾ ਹੈ ਉਹ ਨੂੰ ਇਸੇ ਪਰਕਾਰ ਚਿੱਟੇ ਬਸਤਰ ਪਹਿਨਾਏ ਜਾਣਗੇ ਅਤੇ ਮੈਂ ਉਹ ਦਾ ਨਾਉਂ ਜੀਵਨ ਦੀ ਪੋਥੀ ਵਿੱਚੋਂ ਕਦੇ ਨਾ ਮੇਟਾਂਗਾ ਸਗੋਂ ਮੈਂ ਆਪਣੇ ਪਿਤਾ ਦੇ ਅੱਗੇ ਅਤੇ ਓਸ ਦਿਆਂ ਦੂਤਾਂ ਦੇ ਅੱਗੇ ਉਹ ਦੇ ਨਾਉਂ ਦਾ ਕਰਾਰ ਕਰਾਂਗਾ। – ਪਰਕਾਸ਼ ਦੀ ਪੋਥੀ 3:5ੳ

ਵੇਖ, ਮੈਂ ਤੇਰੇ ਸਾਹਮਣੇ ਇੱਕ ਖੁਲ੍ਹਾ ਹੋਇਆ ਬੂਹਾ ਜਿਹੜਾ ਕਿਸੇ ਤੋਂ ਬੰਦ ਨਹੀਂ ਹੁੰਦਾ ਧਰਿਆ ਹੈ, ਇਸ ਲਈ ਜੋ ਤੈਨੂੰ ਕੁਝ ਸਮਰੱਥ ਹੈ ਅਤੇ ਤੈਂ ਮੇਰੇ ਬਚਨ ਦੀ ਪਾਲਨਾ ਕੀਤੀ ਅਤੇ ਮੇਰੇ ਨਾਮ ਤੋਂ ਇਨਕਾਰ ਨਹੀਂ ਕੀਤਾ।

– ਪਰਕਾਸ਼ ਦੀ ਪੋਥੀ 3:8ਅ

ਸੋ ਤੂੰ ਸੀਲਗਰਮ ਜੋ ਹੈਂ ਨਾ ਤੱਤਾ ਨਾ ਠੰਡਾ, ਇਸ ਕਾਰਨ ਮੈਂ ਤੈਨੂੰ ਆਪਣੇ ਮੂੰਹ ਵਿੱਚੋਂ ਉਗਲ ਸੁੱਟਾਂਗਾ।

– ਪਰਕਾਸ਼ ਦੀ ਪੋਥੀ 3:16

ਮੈਂ ਜਿੰਨਿਆਂ ਨਾਲ ਪਿਆਰ ਕਰਦਾ ਹਾਂ ਉੱਨਿਆਂ ਨੂੰ ਝਿੜਕਦਾ ਅਤੇ ਤਾੜਦਾ ਹਾਂ, ਜਿਹੜਾ ਜਿੱਤਣ ਵਾਲਾ ਹ ਉਹ ਨੂੰ ਮੈਂ ਆਪਣੇ ਸਿੰਘਾਸਣ ਉੱਤੇ ਆਪਣੇ ਨਾਲ ਬਿਠਾਵਾਂਗਾ ਜਿਸ ਪਰਕਾਰ ਮੈਂ ਵੀ ਜਿੱਤਿਆ ਅਤੇ ਆਪਣੇ ਪਿਤਾ ਦੇ ਨਾਲ ਉਹ ਦੇ ਸਿੰਘਾਸਣ ਉੱਤੇ ਬੈਠਾ।

– ਪਰਕਾਸ਼ ਦੀ ਪੋਥੀ 3:19ੳ, 21

ਪਰ ਏਹ ਪਾਪਾਂ ਦੇ ਬਦਲੇ ਇੱਕੋ ਬਲੀਦਾਨ ਸਦਾ ਲਈ ਚੜ੍ਹਾ ਕੇ ਪਰਮੇਸ਼ੁਰ ਦੇ ਸੱਜੇ ਪਾਸੇ ਬਿਰਾਜਮਾਨ ਹੋਇਆ। – ਇਬਰਾਨੀਆਂ 10:12

ਸੋ ਜਦੋਂ ਸਾਡਾ ਇੱਕ ਮਹਾਂ ਪਰਧਾਨ ਜਾਜਕ ਹੈ ਜਿਹੜਾ ਅਕਾਸ਼ਾਂ ਤੋਂ ਪਾਰ ਲੰਘ ਗਿਆ ਅਰਥਾਤ ਪਰਮੇਸ਼ੁਰ ਦਾ ਪੁੱਤ੍ਰ ਯਿਸੂ ਤਾਂ ਆਓ, ਅਸੀਂ ਆਪਣੇ ਕੀਤੇ ਹੋਏ ਇਕਰਾਰ ਉੱਤੇ ਪੱਕਿਆਂ ਰਹੀਏ। ਕਿਉਂ ਜੋ ਸਾਡਾ ਪਰਧਾਨ ਜਾਜਕ ਇਹੋ ਜਿਹਾ ਨਹੀਂ ਜੋ ਸਾਡੀਆਂ ਦੁਰਬਲਤਾਈਆਂ ਵਿੱਚ ਸਾਡਾ ਦਰਦੀ ਨਾ ਹੋ ਸਕੇ ਸਗੋਂ ਸਾਰੀਆਂ ਗੱਲਾਂ ਵਿੱਚ ਸਾਡੇ ਵਾਂਙੁ ਪਰਤਾਇਆ ਗਿਆ ਪਰ ਉਹ ਪਾਪ ਤੋਂ ਰਹਿਤ ਰਿਹਾ, ਇਸ ਲਈ ਆਓ, ਅਸੀਂ ਕਿਰਪਾ ਦੇ ਸਿੰਘਾਸਣ ਦੇ ਅੱਗੇ ਦਿਲੇਰੀ ਨਾਲ ਚੱਲੀਏ ਭਈ ਅਸੀਂ ਦਯਾ ਪਰਾਪਤ ਕਰੀਏ ਅਤੇ ਉਹ ਕਿਰਪਾ ਪਾਈਏ ਜੋ ਵੇਲੇ ਸਿਰ ਸਾਡੀ ਸਹਾਇਤਾ ਕਰੇ।
– ਇਬਰਾਨੀਆਂ 4:14-16

ਪਰ ਇਹ ਸਦਾ ਤੀਕ ਜੋ ਰਹਿੰਦਾ ਹੈ ਇਸ ਕਰਕੇ ਇਹ ਦੀ ਜਾਜਕਾਈ ਅਟੱਲ ਹੈ। ਇਸ ਲਈਉ, ਉਹਨਾਂ ਦਾ ਜਿਹੜੇ ਉਹ ਦੇ ਰਾਹੀਂ ਪਰਮੇਸ਼ੁਰ ਦੇ ਕੋਲ ਆਉਂਦੇ ਹਨ ਪੂਰਾ ਨਿਸਤਾਰਾ ਕਰ ਸੱਕਦਾ ਹੈ ਕਿਉਂ ਜੋ ਉਹ ਉਨ੍ਹਾਂ ਦੀ ਸਫ਼ਾਰਸ਼ ਕਰਨ ਨੂੰ ਸਦਾ ਜੀਉਂਦਾ ਹੈ। – ਇਬਰਾਨੀਆਂ 7:24-25

ਉਹ ਨੇ ਆਪ ਆਖਿਆ ਹੈ ਭਈ ਮੈਂ ਤੈਨੂੰ ਕਦੇ ਨਾ ਛੱਡਾਂਗਾ, ਨਾ ਕਦੇ ਤੈਨੂੰ ਤਿਆਗਾਂਗਾ, ਇਸ ਕਰਕੇ ਅਸੀਂ ਹੌਂਸਲੇ ਨਾਲ ਆਖਦੇ ਹਾਂ, ਪ੍ਰਭੂ ਮੇਰਾ ਸਹਾਈ ਹੈ, ਮੈਂ ਨਾ ਡਰਾਂਗਾ, ਮਨੁੱਖ ਮੇਰਾ ਕੀ ਕਰੇਗਾ? – ਇਬਰਾਨੀਆਂ 13:5ਅ-6

ਫੇਰ ਆਣ ਕੇ ਤੁਹਾਨੂੰ ਆਪਣੇ ਕੋਲ ਲੈ ਲਵਾਂਗਾ ਭਈ ਜਿੱਥੇ ਮੈਂ ਹਾਂ ਤੁਸੀਂ ਭੀ ਹੋਵੋ।

– ਯੂਹੰਨਾ 14:3ਅ

ਇਸ ਲਈ ਜੋ ਪ੍ਰਭੁ ਆਪ ਲਲਕਾਰੇ ਨਾਲ, ਮਹਾਂ ਦੂਤ ਦੀ ਅਵਾਜ਼ ਨਾਲ ... ਅਤੇ ਜਿਹੜੇ ਮਸੀਹ ਵਿੱਚ ਹੋ ਕੇ ਮੋਏ ਹਨ ਓਹ ਪਹਿਲਾਂ ਜੀ ਉੱਠਣਗੇ। ਤਦ ਅਸੀਂ ਜਿਹੜੇ ਜੀਉਂਦੇ ਅਤੇ ਬਾਕੀ ਰਹਿੰਦੇ ਹਾਂ ਓਹਨਾਂ ਦੇ ਨਾਲ ਹੀ ਹਵਾ ਵਿੱਚ ਪ੍ਰਭੂ ਦੇ ਮਿਲਣ ਨੂੰ ਬੱਦਲਾਂ ਉੱਤੇ ਅਚਾਨਕ ਉਠਾਏ ਜਾਵਾਂਗੇ ਅਤੇ ਇਸੇ ਤਰ੍ਹਾਂ ਅਸੀਂ ਸਦਾ ਪ੍ਰਭੂ ਦੇ ਸੰਗ ਰਹਾਂਗੇ। – 1 ਥੱਸਲੁਨੀਕੀਆਂ 4:16-17

ਕਿਉਂਕਿ ਜਿਸ ਤਰ੍ਹਾਂ ਬਿਜਲੀ ਚੜ੍ਹਦਿਓਂ ਚਮਕਾਰਾ ਮਾਰ ਕੇ ਲਹਿੰਦੇ ਤੀਕਰ ਦਿਸਦੀ ਹੈ ਉਸੇ ਤਰ੍ਹਾਂ ਮਨੁੱਖ ਦੇ ਪੁੱਤ੍ਰ ਦਾ ਆਉਣਾ ਹੋਵੇਗਾ। ਤਦ ਮਨੁੱਖ ਦੇ ਪੁੱਤ੍ਰ ਦਾ ਨਿਸ਼ਾਨ ਅਕਾਸ਼ ਵਿੱਚ ਪਰਗਟ ਹੋਵੇਗਾ ਅਰ ਤਦੋਂ ਧਰਤੀ ਦੀਆਂ ਸਾਰੀਆਂ ਕੌਮਾਂ ਪਿੱਟਣਗੀਆਂ ਅਤੇ ਮਨੁੱਖ ਦੇ ਪੁੱਤ੍ਰ ਨੂੰ ਸਮਰੱਥਾ ਅਰ ਵੱਡੇ ਤੇਜ ਨਾਲ ਅਕਾਸ਼ ਦੇ ਬੱਦਲਾਂ ਉੱਤੇ ਆਉਂਦਿਆਂ ਵੇਖਣਗੀਆਂ ਅਤੇ ਉਹ ਤੁਰਹੀ ਦੀ ਵੱਡੀ ਅਵਾਜ਼ ਨਾਲ ਆਪਣੇ ਦੂਤਾਂ ਨੂੰ ਭੇਜੇਗਾ ਅਰ ਓਹ ਚੌਹਾਂ ਕੂੰਟਾਂ ਤੋਂ ਅਕਾਸ਼ ਦੇ ਉਸ ਸਿਰੇ ਤੋਂ ਲੈ ਕੇ ਐਸ ਸਿਰੇ ਤੀਕਰ ਉਹ ਦੇ ਚੁਣਿਆਂ ਹੋਇਆਂ ਨੂੰ ਇਕੱਠਿਆਂ ਕਰਨਗੇ।

– ਮੱਤੀ 24-27, 30-31

ਕਿਉਂ ਜੋ ਮਨੁੱਖ ਦਾ ਪੁੱਤ੍ਰ ਆਪਣੇ ਦੂਤਾਂ ਸਣੇ ਆਪਣੇ ਪਿਤਾ ਦੇ ਤੇਜ ਨਾਲ ਆਵੇਗਾ ਅਤੇ ਉਸ ਸਮੇਂ ਉਹ ਹਰੇਕ ਨੂੰ ਉਹ ਦੀ ਕਰਨੀ ਮੂਜਬ ਫਲ ਦੇਵੇਗਾ। – ਮੱਤੀ 16:27

# ਯਿਸੂ ਸੰਸਾਰ ਦਾ ਨਿਆਂ ਕਰੇਗਾ

ਪਰਮੇਸ਼ੁਰ ... ਹੁਣ ਮਨੁੱਖਾਂ ਨੂੰ ਹੁਕਮ ਦਿੰਦਾ ਹੈ ਜੋ ਓਹ ਸਭ ਹਰੇਕ ਥਾਂ ਤੋਬਾ ਕਰਨ, ਕਿਉਂ ਜੋ ਉਸਨੇ ਇੱਕ ਦਿਨ ਠਹਿਰਾ ਛੱਡਿਆ ਹੈ ਜਿਹਦੇ ਵਿੱਚ ਉਹ ਸਚਿਆਈ ਨਾਲ ਸੰਸਾਰ ਦਾ ਨਿਆਉਂ ਕਰੇਗਾ ਓਸ ਮਨੁੱਖ ਦੇ ਰਾਹੀਂ ਜਿਹ ਨੂੰ ਉਸ ਨੇ ਠਹਿਰਾਇਆ ਅਤੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲ ਕੇ ਇਹ ਗੱਲ ਸਭਨਾਂ ਉੱਤੇ ਸਾਬਤ ਕਰ ਦਿੱਤੀ ਹੈ।

– ਰਸੂਲਾਂ ਦੇ ਕਰਤੱਬ 17:30 ਅ–31

ਉਸ ਦਿਨ ਅਨੇਕ ਮੈਨੂੰ ਆਖਣਗੇ ਹੇ ਪ੍ਰਭੂ ! ਹੇ ਪ੍ਰਭੂ ! ਕੀ ਅਸਾਂ ਤੇਰਾ ਨਾਮ ਲੈ ਕੇ ਅਗੰਮਵਾਕ ਨਹੀਂ ਕੀਤਾ ਅਤੇ ਤੇਰਾ ਨਾਮ ਲੈ ਕੇ ਭੂਤ ਨਹੀਂ ਕੱਢੇ? ਅਤੇ ਤੇਰਾ ਨਾਮ ਲੈ ਕੇ ਬਹੁਤੀਆਂ ਕਰਾਮਾਤਾਂ ਨਹੀਂ ਕੀਤੀਆਂ? ਤਦ ਮੈਂ ਉਨ੍ਹਾਂ ਨੂੰ ਸਾਫ਼ ਆਖਾਂਗਾ ਭਈ ਮੈਂ ਤੁਹਾਨੂੰ ਕਦੇ ਵੀ ਨਹੀਂ ਜਾਣਿਆ। ਹੇ ਬੁਰਿਆਰੋ ਮੇਰੇ ਕੋਲੋਂ ਚੱਲੇ ਜਾਓ। – ਮੱਤੀ 7:22–23

ਸੋ ਸਾਡੇ ਵਿੱਚੋਂ ਹਰੇਕ ਨੇ ਪਰਮੇਸ਼ੁਰ ਨੂੰ ਆਪੋ ਆਪਣਾ ਲੇਖਾ ਦੇਣਾ ਹੈ। – ਰੋਮੀਆਂ 14:12

ਪਰੰਤੂ ਪ੍ਰਭੂ ਦਾ ਦਿਨ ਚੋਰ ਵਾਂਙੁ ਆਵੇਗਾ ਜਿਹ ਦੇ ਵਿੱਚ ਅਕਾਸ਼ ਸਰਨਾਟੇ ਨਾਲ ਜਾਂਦੇ ਰਹਿਣਗੇ ਅਤੇ ਮੂਲ ਵਸਤਾਂ ਵੱਡੇ ਤਾਉ ਨਾਲ ਤਪ ਕੇ ਢੱਲ ਜਾਣਗੀਆਂ ਅਤੇ ਧਰਤੀ ਉਨ੍ਹਾਂ ਕਾਰਾਗਰੀਆਂ ਸਣੇ ਜੋ ਉਸ ਵਿੱਚ ਹਨ ਜਲ ਬਲ ਜਾਵੇਗੀ, ਜਦੋਂ ਏਹ ਸੱਭੇ ਵਸਤਾਂ ਇਉਂ ਢਲ ਜਾਣ ਵਾਲੀਆਂ ਹਨ ਤਾਂ ਤੁਹਾਨੂੰ ਪਰ ਪਰਕਾਰ ਦੇ ਪਵਿੱਤਰ ਚਲਣ ਅਤੇ ਭਗਤੀ ਵਿੱਚ ਕੇਹੋ ਜੇਹੇ ਹੋਣਾ ਚਾਹੀਦਾ ਹੈ...? ਪਰ ਉਹਦੇ ਬਚਨ ਦੇ ਅਨੁਸਾਰ ਅਸੀਂ ਨਵੇਂ ਅਕਾਸ਼ ਅਤੇ ਨਵੀਂ ਧਰਤੀ ਦੀ ਉਡੀਕ ਕਰਦੇ ਹਾਂ ਜਿਨ੍ਹਾਂ ਵਿੱਚ ਧਰਮ ਵੱਸਦਾ ਹੈ।

– 2 ਪਤਰਸ 3:10–13

# ਯਿਸੂ ਹਮੇਸ਼ਾ ਲਈ ਰਾਜ ਕਰੇਗਾ



ਇਸ ਕਾਰਨ ਪਰਮੇਸ਼ੁਰ ਨੇ ਵੀ ਉਸ ਨੂੰ ਅੱਤ ਉੱਚਿਆਂ ਕੀਤਾ ਅਤੇ ਉਸ ਨੂੰ ਉਹ ਨਾਮ ਦਿੱਤਾ ਜਿਹੜਾ ਸਭਨਾਂ ਨਾਮਾਂ ਤੋਂ ਉੱਤਮ ਹੈ। ਭਈ ਯਿਸੂ ਦਾ ਨਾਮ ਲੈ ਕੇ ਅਕਾਸ਼ ਉਤਲਿਆਂ ਅਤੇ ਧਰਤੀ ਉਤਲਿਆਂ ਅਤੇ ਧਰਤੀ ਦੇ ਹੇਠਲਿਆਂ ਵਿੱਚੋਂ ਹਰ ਗੋਡਾ ਨਿਵਾਇਆ ਜਾਵੇ ਅਤੇ ਹਰ ਜ਼ਬਾਨ ਪਰਮੇਸ਼ੁਰ ਪਿਤਾ ਦੀ ਵਡਿਆਈ ਲਈ ਮੰਨ ਲਵੇ ਜੋ ਯਿਸੂ ਮਸੀਹ ਪ੍ਰਭੂ ਹੈ! – ਫ਼ਿਲਿੱਪੀਆਂ 2:9–11

ਮੈਂ ਰਾਤ ਦੀਆਂ ਦਰਿਸ਼ਟੀਆਂ ਵਿੱਚ ਡਿੱਠਾ ਅਤੇ ਵੇਖੋ, ਇੱਕ ਜਣਾ ਮਨੁੱਖ ਦੇ ਪੁੱਤ੍ਰ ਵਰਗਾ, ਅਕਾਸ਼ ਦੇ ਬਦਲਾਂ ਸਣੇ ਆਇਆ, ... ਪਾਤਸ਼ਾਹੀ ਅਰ ਪਰਤਾਪ ਅਰ ਰਾਜ ਉਹਨੂੰ ਦਿੱਤਾ ਗਿਆ, ਭਈ ਸੱਭੇ ਕੌਮਾਂ ਅਰ ਲੋਕ ਅਰ ਬੋਲੀਆਂ ਉਹ ਦੀ ਟਹਿਲ ਕਰਨ। ਉਹ ਦਾ ਰਾਜ ਸਦਾ ਦਾ ਰਾਜ ਹੈ, ਜਿਹੜਾ ਮਿਟੇਗਾ ਨਾ, ਅਤੇ ਉਹ ਦਾ ਰਾਜ ਅਜਿਹਾ ਹੈ ਜੋ ਟਲੇਗਾ ਨਾ। – ਦਾਨੀਏਲ 7:13–14

ਲੇਲਾ ਜਿਹੜਾ ਕੋਹਿਆ ਗਿਆ ਸੀ
ਸਮਰੱਥਾ, ਧਨ, ਬੁੱਧ, ਸ਼ਕਤੀ, ਮਾਣ,
ਮਹਿਮਾ ਅਤੇ ਧੰਨਵਾਦ ਲੈਣ ਦੇ ਜੋਗ ਹੈ।

– ਪਰਕਾਸ਼ ਦੀ ਪੋਥੀ 5:12 ਅ

ਤਾਂ ਸੁਰਗ ਵਿੱਚ ਵੱਡੀ ਅਵਾਜ਼ ਇਹ ਆਖਦਿਆਂ ਆਈ,–

ਜਗਤ ਦਾ ਰਾਜ ਸਾਡੇ ਪ੍ਰਭੂ ਦਾ
ਅਤੇ ਉਹ ਦੇ ਮਸੀਹ ਦਾ ਹੋ ਗਿਆ ਹੈ,
ਅਤੇ ਉਹ ਜੁੱਗੋ ਜੁੱਗ ਰਾਜ ਕਰੇਗਾ!

– ਪਰਕਾਸ਼ ਦੀ ਪੋਥੀ 11:15ਅ

# ਯਿਸੂ ਚਾਹੁੰਦਾ ਹੈ ਕਿ ਤੁਸੀਂ ਉਸ ਕੋਲ ਆਵੋ

ਹੇ ਸਾਰੇ ਥੱਕੇ ਹੋਇਓ ਅਤੇ ਭਾਰ ਹੇਠ ਦੱਬੇ ਹੋਇਓ, ਮੇਰੇ ਕੋਲ ਆਓ ਤਾਂ ਮੈਂ ਤੁਹਾਨੂੰ ਅਰਾਮ ਦਿਆਂਗਾ। ਮੇਰਾ ਜੂਲਾ ਆਪਣੇ ਉੱਤੇ ਲੈ ਲਵੋ ਅਤੇ ਮੈਥੋਂ ਸਿੱਖੋ ਕਿਉਂ ਜੋ ਮੈਂ ਕੋਮਲ ਅਤੇ ਮਨ ਦਾ ਗ਼ਰੀਬ ਹਾਂ ਅਤੇ ਤੁਸੀਂ ਆਪਣਿਆਂ ਜੀਆਂ ਵਿੱਚ ਅਰਾਮ ਪਾਓਗੇ। – ਮੱਤੀ 11:28-29

ਵੇਖ, ਮੈਂ ਬੂਹੇ ਉੱਤੇ ਖਲੋਤਾ ਅਤੇ ਖੜਕਾਉਂਦਾ ਹਾਂ। ਜੇ ਕੋਈ ਮੇਰੀ ਅਵਾਜ਼ ਸੁਣੇ ਅਤੇ ਬੂਹਾ ਖੋਲ੍ਹ ਦੇਵੇ ਤਾਂ ਮੈਂ ਉਹ ਦੇ ਕੋਲ ਅੰਦਰ ਜਾਵਾਂਗਾ ਅਤੇ ਉਹ ਦੇ ਨਾਲ ਪਰਸ਼ਾਦ ਛਕਾਂਗਾ ਅਤੇ ਉਹ ਮੇਰੇ ਨਾਲ ਛਕੇਗਾ। – ਪਰਕਾਸ਼ ਦੀ ਪੋਥੀ 3:20

ਪ੍ਰਭੂ ਆਪਣੇ ਵਾਇਦੇ ਦਾ ਮੱਠਾ ਨਹੀਂ ਜਿਵੇਂ ਕਿੰਨੇ ਹੀ ਮੱਠੇ ਦਾ ਭਰਮ ਕਰਦੇ ਹਨ ਪਰ ਉਹ ਤੁਹਾਡੇ ਨਾਲ ਧੀਰਜ ਕਰਦਾ ਹੈ ਕਿਉਂ ਜੋ ਉਹ ਨਹੀਂ ਚਾਹੁੰਦਾ ਹੈ ਭਈ ਕਿਸੇ ਦਾ ਨਾਸ ਹੋਵੇ ਸਗੋਂ ਸੱਭੇ ਤੋਬਾ ਵੱਲ ਮੁੜਨ। – 2 ਪਤਰਸ 3:9

ਜੋ ਕੁਝ ਪਿਤਾ ਮੈਨੂੰ ਦਿੰਦਾ ਹੈ ਮੇਰੇ ਕੋਲ ਆਵੇਗਾ ਅਤੇ ਜੋ ਮੇਰੇ ਕੋਲ ਆਉਂਦਾ ਹੈ ਮੈਂ ਕਦੇ ਵੀ ਉਹ ਨੂੰ ਕੱਢ ਨਾ ਦਿਆਂਗਾ।
– ਯੂਹੰਨਾ 6:37

ਅਤੇ ਐਉਂ ਹੋਵੇਗਾ ਕਿ ਹਰੇਕ ਜਿਹੜਾ ਪ੍ਰਭੂ ਦਾ ਨਾਮ ਲਵੇਗਾ ਬਚਾਇਆ ਜਾਵੇਗਾ।
– ਰਸੂਲਾਂ ਦੇ ਕਰਤੱਬ 2:21

…ਵੇਖੋ, ਹੁਣ ਹੀ ਮੁਕਤੀ ਦਾ ਦਿਨ ਹੈ।
– 2 ਕੁਰਿੰਥੀਆਂ 6:2

ਜਿਹੜਾ ਪੁੱਤ੍ਰ ਉੱਤੇ ਨਿਹਚਾ ਕਰਦਾ ਹੈ ਸਦੀਪਕ ਜੀਉਣ ਉਸ ਦਾ ਹੈ ਪਰ ਜੋ ਪੁੱਤ੍ਰ ਨੂੰ ਨਹੀਂ ਮੰਨਦਾ ਸੋ ਜੀਉਣ ਨਾ ਵੇਖੇਗਾ ਸਗੋਂ ਪਰਮੇਸ਼ੁਰ ਦਾ ਕ੍ਰੋਧ ਉਸ ਉੱਤੇ ਰਹਿੰਦਾ ਹੈ। – ਯੂਹੰਨਾ 3:36

ਇਸ ਕਾਰਨ ਤੁਸੀਂ ਹਰ ਪਰਕਾਰ ਦੇ ਗੰਦ ਮੰਦ ਅਤੇ ਬਦੀ ਦੀ ਵਾਫ਼ਰੀ ਨੂੰ ਪਰੇ ਸੁੱਟ ਕੇ ਉਸ ਬੀਜੇ ਹੋਏ ਬਚਨ ਨੂੰ ਜਿਹੜਾ ਤੁਹਾਡੀਆਂ ਜਾਨਾਂ ਨੂੰ ਬਚਾ ਸੱਕਦਾ ਹੈ ਨਰਮਾਈ ਨਾਲ ਕਬੂਲ ਕਰ ਲਓ।

– ਯਾਕੂਬ 1:21

ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਹਿਰਦੇ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਤੂੰ ਬਚਾਇਆ ਜਾਵੇਂਗਾ। ਧਰਮ ਲਈ ਤਾਂ ਹਿਰਦੇ ਨਾਲ ਨਿਹਚਾ ਕਰੀਦੀ ਅਤੇ ਮੁਕਤੀ ਲਈ ਮੂੰਹ ਨਾਲ ਇਕਰਾਰ ਕਰੀਦਾ ਹੈ। – ਰੋਮੀਆਂ 10:9-10

## ਮਾਰਗ ਦਰਸ਼ਨ ਦੀ ਪ੍ਰਾਰਥਨਾ

ਪਿਆਰੇ ਪ੍ਰਭੂ ਯਿਸੂ,

ਸਲੀਬ ਦੀ ਮੌਤ ਦੁਆਰਾ ਮਰਕੇ ਮੇਰੇ ਪਾਪ ਨੂੰ ਦੂਰ ਕਰਨ ਲਈ ਧੰਨਵਾਦ। ਮੈਂ ਆਪਣੀਆਂ ਕੀਤੀਆਂ ਗਲਤੀਆਂ ਲਈ ਮਾਫ਼ੀ ਮੰਗਦਾ ਹਾਂ। ਮੈਂ ਹੁਣੇ ਤੁਹਾਨੂੰ ਆਪਣੇ ਦਿਲ ਵਿੱਚ ਮੁਕਤੀਦਾਤਾ ਦੇ ਰੂਪ ਵਿੱਚ ਸਵੀਕਾਰ ਕਰਦਾ ਹਾਂ। ਮੈਂ ਵਿਸ਼ਵਾਸ ਕਰਦਾ ਹਾਂ ਕਿ ਤੁਹਾਡਾ ਇਹ ਵਾਇਦਾ ਹੈ ਕਿ ਤੁਸੀਂ ਮੈਨੂੰ ਪਰਮੇਸ਼ੁਰ ਦਾ ਬੱਚਾ ਬਣਾਵੋਗੇ। ਮੈਂ ਇਹ ਭਰੋਸਾ ਕਰਦਾ ਹਾਂ ਕਿ ਤੁਸੀਂ ਮੈਨੂੰ ਆਪਣੇ ਵਿੱਚ ਜੀਉਣ ਲਈ ਹਰ ਦਿਨ ਸ਼ਕਤੀ ਦਿਉਗੇ।

ਤੁਹਾਡੇ ਨਾਮ ਵਿੱਚ ਮੈਂ ਪ੍ਰਾਰਥਨਾ ਕਰਦਾ ਹਾਂ। ਆਮੀਨ।

